SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 24* Issue 04 | Tuesday, 7 January 2025 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਦਿੱਤਾ ਅਸਤੀਫਾ, ਕਈ ਮਹੀਨਿਆਂ ਤੋਂ ਹੋ ਰਹੀ ਸੀ ਆਲੋਚਨਾ

ਓਟਵਾ, 6 ਜਨਵਰੀ (ਪੋਸਟ ਬਿਊਰੋ): ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਅੱਜ ਨੂੰ ਪ੍ਰਧਾਨ ਮੰਤਰੀ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ। ਉਨ੍ਹਾਂ ਪਾਰਟੀ ਆਗੂ ਦਾ ਅਹੁਦਾ ਵੀ ਛੱਡ ਦਿੱਤਾ ਹੈ। ਅਸਤੀਫਾ ਦੇਣ ਤੋਂ ਪਹਿਲਾਂ ਉਨ੍ਹਾਂ ਨੇ ਰਾਸ਼ਟਰ ਨੂੰ ਸੰਬੋਧਨ ਕੀਤਾ। ਉਨ੍ਹਾਂ ਨੇ ਕਿਹਾ ਕਿ ਉਹ ਅਗਲੀਆਂ ਚੋਣਾਂ ਲਈ ਚੰਗਾ ਵਿਕਲਪ ਨਹੀਂ ਹੋ ਸਕਦੇ।

ਟਰੂਡੋ ਨੇ ਕਿਹਾ ਕਿ ਜੇਕਰ ਮੈਨੂੰ ਘਰ 'ਚ ਹੀ ਲੜਨਾ ਪਿਆ ਤਾਂ ਆਉਣ ਵਾਲੀਆਂ ਚੋਣਾਂ 'ਚ ਮੈਂ ਸਭ ਤੋਂ ਵਧੀਆ ਵਿਕਲਪ ਨਹੀਂ ਹੋਵਾਂਗਾ। ਜਾਣਕਾਰੀ ਮੁਤਾਬਕ ਪ੍ਰਧਾਨ ਮੰਤਰੀ ਟਰੂਡੋ ਆਪਣੇ ਉੱਤਰਾਧਿਕਾਰੀ ਦੀ ਚੋਣ ਹੋਣ ਤੱਕ ਪ੍ਰਧਾਨ ਮੰਤਰੀ ਦੇ ਅਹੁਦੇ 'ਤੇ ਬਣੇ ਰਹਿਣਗੇ।



ਟਰੂਡੋ 'ਤੇ ਕਈ ਮਹੀਨਿਆਂ ਤੋਂ ਆਪਣੀ ਲਿਬਰਲ ਪਾਰਟੀ ਦੇ ਸੰਸਦ ਮੈਂਬਰਾਂ ਦਾ ਅਹੁਦਾ ਛੱਡਣ ਦਾ ਦਬਾਅ ਸੀ। ਵਿੱਤ ਮੰਤਰੀ ਦੇ 16 ਦਸੰਬਰ ਨੂੰ ਅਹੁਦਾ ਛੱਡਣ ਤੋਂ ਬਾਅਦ ਉਨ੍ਹਾਂ 'ਤੇ ਪ੍ਰਧਾਨ ਮੰਤਰੀ ਦੇ ਅਹੁਦੇ ਤੋਂ ਹਟਣ ਦਾ ਦਬਾਅ ਵਧ ਗਿਆ ਸੀ। ਇਸ ਕਾਰਨ ਟਰੂਡੋ ਅਲੱਗ-ਥਲੱਗ ਹੁੰਦੇ ਜਾ ਰਹੇ ਹਨ। ਉਨ੍ਹਾਂ ਦੇ ਅਸਤੀਫੇ ਤੋਂ ਬਾਅਦ ਜਲਦੀ ਹੀ ਚੋਣਾਂ ਹੋ ਸਕਦੀਆਂ ਹਨ।

ਰਿਪੋਰਟਾਂ ਮੁਤਾਬਕ ਲਿਬਰਲ ਪਾਰਟੀ ਦੀ ਨੈਸ਼ਨਲ ਕਾਕਸ ਦੀ ਬੈਠਕ ਬੁੱਧਵਾਰ ਨੂੰ ਹੋਣ ਜਾ ਰਹੀ ਹੈ। ਮੰਨਿਆ ਜਾ ਰਿਹਾ ਹੈ ਕਿ ਇਸ ਮੀਟਿੰਗ ਵਿੱਚ ਟਰੂਡੋ ਨੂੰ ਬਗਾਵਤ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਇਸ ਕਾਰਨ ਟਰੂਡੋ ਨੇ ਇਸ ਮੀਟਿੰਗ ਤੋਂ ਪਹਿਲਾਂ ਆਪਣਾ ਅਸਤੀਫਾ ਸੌਂਪ ਦਿੱਤਾ।

## ਟੋਰਾਂਟੋ ਪੀਅਰਸਨ ਏਅਰਪੋਰਟ ਨੇੜੇ ਲੱਗੀ ਅੱਗ, ਆਵਾਜਾਈ 'ਤੇ ਕੋਈ ਅਸਰ ਨਹੀਂ

ਟੋਰਾਂਟੋ, 6 ਜਨਵਰੀ (ਪੋਸਟ ਬਿਊਰੋ): ਟੋਰਾਂਟੋ ਪੀਅਰਸਨ ਅੰਤਰਰਾਸ਼ਟਰੀ ਏਅਰਪੋਰਟ ਦੇ ਨੇੜੇ ਲੱਗੀ ਅੱਗ ਨਾਲ ਏਅਰਪੋਰਟ ਦੀ ਆਵਾਜਾਈ 'ਤੇ ਕੋਈ ਅਸਰ ਨਹੀਂ ਪਿਆ ਹੈ।

ਏਅਰਪੋਰਟ ਨੇ ਐਕਸ 'ਤੇ ਇੱਕ ਪੋਸਟ ਵਿੱਚ ਲਿਖਿਆ ਕਿ ਟੋਰਾਂਟੋ ਪੀਅਰਸਨ ਨੂੰ ਏਅਰਪੋਰਟ ਦੀ ਜਾਇਦਾਦ ਦੇ ਬਾਹਰ ਲੱਗੀ ਅੱਗ ਦੀ ਜਾਣਕਾਰੀ ਹੈ। ਜਹਾਜ਼ ਸੁਰੱਖਿਅਤ ਉੱਤਰ ਰਹੇ ਹਨ ਅਤੇ ਰਵਾਨਾ ਹੋ ਰਹੇ ਹਨ।

ਮਿਸੀਸਾਗਾ ਫਾਇਰ ਦਾ ਕਹਿਣਾ ਹੈ ਕਿ 1787 ਡਰੂ ਰੋਡ 'ਤੇ ਸਿੰਗਲ-ਸਟੋਰੀ ਕਮਰਸ਼ੀਅਲ ਪ੍ਰਾਪਰਟੀ ਵਿੱਚ ਲੱਗੀ ਅੱਗ ਲਈ ਕਰੂ ਮੌਕੇ 'ਤੇ ਹਨ। ਉਨ੍ਹਾਂ ਨੇ ਦੱਸਿਆ ਕਿ ਇਮਾਰਤ ਵਿਚੋਂ ਧੂੰਆਂ ਨਿਕਲ ਰਿਹਾ ਸੀ। ਉਨ੍ਹਾਂ ਦੱਸਿਆ ਕਿ ਸ਼ੁਰੂਆਤ ਵਿੱਚ ਸਾਨੂੰ ਆਪਣੇ ਕਰਮਚਾਰੀਆਂ ਨੂੰ ਵਾਪਿਸ ਬੁਲਾਉਣਾ ਪਿਆ ਕਿਉਂਕਿ ਇਮਾਰਤ ਢਹਿਣ ਲੱਗੀ ਸੀ, ਡਿਪਟੀ ਫਾਇਰ ਚੀਫ



ਰਾਬ ਗਰਿਮਵੁਡ ਨੇ ਘਟਨਾ ਸਥਾਨ 'ਤੇ ਦੱਸਿਆ ਕਿ ਇਮਾਰਤ ਕਾਫ਼ੀ ਹੱਦ ਤੱਕ ਢਹਿ ਗਈ ਹੈ।

ਪੀਲ ਪੁਲਿਸ ਦਾ ਕਹਿਣਾ ਹੈ ਕਿ ਕਿਸੇ ਦੇ ਜਖ਼ਮੀ ਹੋਣ ਦੀ ਸੂਚਨਾ ਨਹੀਂ ਹੈ। ਫਾਇਰ ਚੀਫ ਦਾ ਕਹਿਣਾ ਹੈ ਕਿ ਕਰਮਚਾਰੀ ਕਈ ਘੰਟਿਆਂ ਤੱਕ ਘਟਨਾ ਸਥਾਨ 'ਤੇ ਰਹਿਣਗੇ। ਪੁਲਿਸ ਨੇ ਚਾਲਕਾਂ ਇਸ ਸਮੇਂ ਵਿਕਲਪਿਕ ਮਾਰਗਾਂ ਦੀ ਵਰਤੋਂ ਕਰਨ ਦਾ ਅਪੀਲ ਕੀਤੀ ਹੈ। ਕਿਉਂਕਿ ਬਰੈਮਲਿਆ ਰੋਡ ਦੇ ਪੱਛਮ ਵਿੱਚ ਟਰੈਨਮੇਰੇ ਡਰਾਈਵ ਤੋਂ ਡਰੂ ਰੋਡ 'ਤੇ ਪੂਰਵ ਅਤੇ ਪੱਛਮ ਵੱਲ ਜਾਣ ਵਾਲੀ ਲੇਨ ਬੰਦ ਹਨ। ਅੱਗ ਲੱਗਣ ਦੇ ਕਾਰਨਾਂ ਦਾ ਹਾਲੇ ਪਤਾ ਨਹੀਂ ਲੱਗ ਸਕਿਆ ਹੈ।

## ਕਾਰ ਚਾਲਕਾਂ 'ਤੇ ਨਕਲੀ ਬੰਦੂਕ ਤਾਣਨ ਵਾਲਾ ਮੁਲਜ਼ਮ ਗ੍ਰਿਫ਼ਤਾਰ

ਟੋਰਾਂਟੋ, 6 ਜਨਵਰੀ (ਪੋਸਟ ਬਿਊਰੋ): ਓਂਟਾਰੀਓ ਪ੍ਰੋਵਿਨਸ਼ੀਅਲ ਪੁਲਿਸ (ਓਪੀਪੀ) ਨੇ ਕਿਹਾ ਕਿ ਕਵੀਨ ਏਲਿਜ਼ਾਬੇਥ ਵੇਅ 'ਤੇ ਕਾਰ ਚਾਲਕਾਂ 'ਤੇ ਨਕਲੀ ਬੰਦੂਕ ਤਾਣਨ ਵਾਲੇ ਇੱਲ ਡਰਾਈਵਰ ਨੂੰ ਗ੍ਰਿਫ਼ਤਾਰ ਕਰ ਲਿਆ ਹੈ।

ਓਪੀਪੀ ਨੇ ਸੋਸ਼ਲ ਮੀਡੀਆ ਉੱਤੇ ਇੱਕ ਪੋਸਟ ਵਿੱਚ ਕਿਹਾ ਕਿ ਇਹ ਘਟਨਾ ਐਤਵਾਰ ਨੂੰ ਲਗਭਗ 4 ਵਜੇ ਨਿਆਗਰਾ- ਬਾਊਂਡ ਲੇਨ ਵਿੱਚ ਹੋਈ।

ਪੁਲਿਸ ਵੱਲੋਂ ਡਰਾਈਵਰ ਦਾ ਨਾਮ ਨਹੀਂ ਦੱਸਿਆ ਗਿਆ, ਉਸ ਨੂੰ ਸੇਂਟ ਕੈਥਰੀਨ ਦੇ ਪੂਰਵ ਵਿੱਚ ਗਲੇਨਡੇਲ ਵੱਲ ਰੋਕਿਆ ਗਿਆ ਅਤੇ ਹਿਰਾਸਤ ਵਿੱਚ ਲੈ ਲਿਆ ਗਿਆ।

ਓਪੀਪੀ ਨੇ ਕਿਹਾ ਕਿ ਘਟਨਾ ਸਥਾਨ 'ਤੇ ਇੱਕ ਨਕਲੀ ਬੰਦੂਕ ਜ਼ਬਤ ਕੀਤੀ ਗਈ, ਨਾਲ ਹੀ ਕਿਹਾ ਕਿ ਡਰਾਈਵਰ 'ਤੇ ਚਾਰਜਿਜ਼ ਹਨ। ਪੁਲਿਸ ਨੇ ਇਹ ਨਹੀਂ ਦੱਸਿਆ ਕਿ ਡਰਾਈਵਰ ਕਾਰ ਚਾਲਕਾਂ 'ਤੇ ਨਕਲੀ ਬੰਦੂਕ ਕਿਉਂ ਤਾਣ ਰਿਹਾ ਸੀ।

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
416 938 4598

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

MagGas Medical Brampton
MGM
MAGGAS MEDICAL INC.
Helping you breathe deep and rest easy.
- CPAP ਮਸ਼ੀਨ, ਮਾਸਕ ਅਤੇ ਸਪਲਾਈ
- ਮੁਫ਼ਤ ਸਲਾਹ
- ਮੁਫ਼ਤ ਡਿਲੀਵਰੀ
(647) 954-9885
20 Maritime Ont Blvd
Unit 15
Brampton, ON L6S 0C2

ਨਵਾਂ ਘਾਹ ਲਵਾਉ | 647-784-1213
www.aaalandscaping.ca
ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
ਨਵਾਂ ਘਾਹ ਲਵਾਉ
ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7



# ਘਰ ਵਿਚ ਚਾਕੂ ਮਾਰਨ ਵਾਲੇ ਮੁਲਜ਼ਮ ਦੀ ਪੁਲਿਸ ਨੂੰ ਭਾਲ




ਟੋਰਾਂਟੋ, 6 ਜਨਵਰੀ (ਪੋਸਟ ਬਿਊਰੋ): ਟੋਰਾਂਟੋ ਦੇ ਮਾਊਂਟ ਡੇਨਿਸ ਇਲਾਕੇ ਵਿੱਚ ਰਾਤ ਨੂੰ ਚਾਕੂ ਨਾਲ ਹਮਲੇ ਤੋਂ ਬਾਅਦ ਇੱਕ ਵਿਅਕਤੀ ਨੂੰ ਹਸਪਤਾਲ ਲਿਜਾਇਆ ਗਿਆ।

ਇਹ ਘਟਨਾ ਸਵੇਰੇ 5 ਵਜੇ ਦੇ ਲਗਭਗ ਵੇਸਟਨ ਰੋਡ ਅਤੇ ਰਦਰਫੋਰਡ ਏਵੇਨਿਊ ਕੋਲ, ਏਗਲਿੰਟਨ ਏਵੇਨਿਊ ਵੇਸਟ ਕੋਲ ਹੋਈ।

ਸੋਸ਼ਲ ਮੀਡੀਆ ’ਤੇ ਇੱਕ ਪੋਸਟ ਵਿੱਚ ਪੁਲਿਸ ਨੇ ਕਿਹਾ ਕਿ ਉਨ੍ਹਾਂ ਨੂੰ ਰਿਪੋਰਟ ਮਿਲੀ ਕਿ ਇਲਾਕੇ ਵਿੱਚ ਇੱਕ ਘਰ ਅੰਦਰ ਇੱਕ ਵਿਅਕਤੀ ਨੂੰ ਚਾਕੂ ਮਾਰ ਦਿੱਤਾ ਗਿਆ ਹੈ। ਉਹ ਉੱਥੇ ਪਹੁੰਚੇ, ਮੰਨਿਆ ਜਾ ਰਿਹਾ ਹੈ ਕਿ ਉਹ 30 ਸਾਲਾ ਵਿਅਕਤੀ ਸੀ, ਜੋ ਚਾਕੂ ਜ਼ਖਮ ਨਾਲ ਪੀੜਤ ਸੀ। ਉਸਨੂੰ ਹਸਪਤਾਲ ਲਿਜਾਇਆ ਗਿਆ, ਜਿੱਥੇ ਉਸਦੀ ਜਾਨ ਨੂੰ ਕੋਈ ਖ਼ਤਰਾ ਨਹੀਂ ਸੀ। ਪੁਲਿਸ ਨੇ ਮੁਲਜ਼ਮਾਂ ਬਾਰੇ ਵਿੱਚ ਕੋਈ ਜਾਣਕਾਰੀ ਜਾਰੀ ਨਹੀਂ ਕੀਤੀ ਹੈ।

# ਜੋਅ ਬਾਇਡਨ ਨੇ ਹਿਲੇਰੀ ਅਤੇ ਮੈਸੀ ਸਣੇ 19 ਹਸਤੀਆਂ ਨੂੰ ਕੀਤਾ ਸਨਮਾਨਿਤ



ਵਾਸ਼ਿੰਗਟਨ, 6 ਜਨਵਰੀ (ਪੋਸਟ ਬਿਊਰੋ): ਅਮਰੀਕਾ ਦੇ ਰਾਸ਼ਟਰਪਤੀ ਜੋਅ ਬਾਇਡਨ ਨੇ ਸਾਬਕਾ ਵਿਦੇਸ਼ ਮੰਤਰੀ ਹਿਲੇਰੀ ਕਲਿੰਟਨ, ਵਿਵਾਦਤ ਨਿਵੇਸ਼ਕ ਜੌਰਜ ਸੋਰੋਸ, ਵੋਗ ਮੈਗਜ਼ੀਨ ਦੀ ਮੁੱਖ ਸੰਪਾਦਕ ਐਨਾ ਵਿਨਟੌਰ, ਵਿਗਿਆਨੀ ਬਿਲ ਨੇਈ, ਅਦਾਕਾਰ ਡੇਨਜ਼ੇਲ ਵਾਸ਼ਿੰਗਟਨ ਅਤੇ ਫੁੱਟਬਾਲਰ ਲਿਓਨਲ ਮੈਸੀ ਸਮੇਤ 19 ਵਿਅਕਤੀਆਂ ਨੂੰ ਅਮਰੀਕਾ ਦੇ ਸਭ ਤੋਂ ਵੱਡੇ ਨਾਗਰਿਕ ਪੁਰਸਕਾਰ ‘ਪ੍ਰੈਜ਼ੀਡੈਂਸ਼ੀਅਲ ਮੈਡਲ ਆਫ਼ ਫਰੀਡਮ’ ਨਾਲ ਸਨਮਾਨਿਤ ਕੀਤਾ। ਇਹ ਪੁਰਸਕਾਰ ਉਨ੍ਹਾਂ ਵਿਅਕਤੀਆਂ ਨੂੰ ਦਿੱਤਾ ਜਾਂਦਾ ਹੈ ਜਿਨ੍ਹਾਂ ਅਮਰੀਕਾ ਦੀ ਖੁਸ਼ਹਾਲੀ, ਉਸ ਦੀਆਂ ਕਦਰਾਂ-ਕੀਮਤਾਂ, ਸੁਰੱਖਿਆ ਅਤੇ ਵਿਸ਼ਵ ਸ਼ਾਂਤੀ ’ਚ ਅਹਿਮ ਯੋਗਦਾਨ ਦਿੱਤਾ ਹੋਵੇ ਜਾਂ ਜਨਤਕ ਤੇ ਨਿੱਜੀ ਖੇਤਰਾਂ ’ਚ ਮਹੱਤਵਪੂਰਨ ਕੰਮ ਕੀਤੇ ਹੋਣ। ਮੈਸੀ ਖੁਦ ਪੁਰਸਕਾਰ ਲੈਣ ਲਈ ਹਾਜ਼ਰ ਨਾ ਹੋ ਸਕੇ। ਕਈ ਹੋਰ ਹਸਤੀਆਂ ਦੇ ਪਰਿਵਾਰਕ ਮੈਂਬਰਾਂ ਨੇ ਉਨ੍ਹਾਂ ਤਰਫ਼ੋਂ ਮੈਡਲ ਹਾਸਲ ਕੀਤੇ। ਅਮਰੀਕਾ ’ਚ ਨਸਲੀ ਨਿਆਂ ਲਈ ਸੰਘਰਸ਼ ਕਰਨ ਵਾਲੇ ਫੈਨੀ ਲੂ ਹੈਮਰ, ਸਾਬਕਾ ਰੱਖਿਆ ਮੰਤਰੀ ਐਸ਼ਟਨ ਕਾਰਟਰ, ਸਾਬਕਾ ਅਟਾਰਨੀ ਜਨਰਲ ਰੌਬਰਟ ਫਰਾਂਸਿਸ ਕੈਨੇਡੀ ਅਤੇ ਕਾਰੋਬਾਰੀ ਜੌਰਜ ਡਬਲਿਊ ਰੋਮਨੀ ਨੂੰ ਮਰਨ ਉਪਰੰਤ ਇਹ ਮੈਡਲ ਪ੍ਰਦਾਨ ਕੀਤਾ ਗਿਆ।

# ਚੌਥੀ ਸਲਾਨਾ ਧਾਰਮਿਕ ਪ੍ਰਤੀਯੋਗਤਾ: ਅਮਰੀਕਾ ਦੇ ਈਸਟ-ਕੋਸਟ ਦੀਆਂ 7 ਸਟੇਟਾਂ ਵਿਚ ਕਰਵਾਏ ਗਏ ਬੱਚਿਆਂ ਦੇ ਮੁਕਾਬਲੇ

**ਚਾਰ ਸਾਹਿਬਜ਼ਾਦਿਆਂ ਦੀ ਮਹਾਨ ਸ਼ਹਾਦਤ ਨੂੰ, ਸਮਰਪਿਤ ਵਰਲਡ ਸਿੱਖ ਪਾਰਲੀਮੈਂਟ ਦੀਆਂ ਵਿਦਿਅਕ, ਧਾਰਮਿਕ ਕੌਂਸਲਾਂ ਦੇ ਇਸ ਉੱਦਮ ਨੂੰ ਮਿਲ ਰਿਹਾ ਹੈ ਬਹੁਤ ਪਿਆਰ ਅਤੇ ਵੱਡਾ ਹੁਲਾਰਾ**



ਨਿਊਯਾਰਕ, 6 ਜਨਵਰੀ (ਪੋਸਟ ਬਿਊਰੋ): ਸਿੱਖ ਕੌਮ ਦੇ ਮਾਣਮੱਤੇ ਇਤਿਹਾਸ, ਵਿਰਸੇ ਤੇ ਗੁਰਬਾਣੀ ਨਾਲ ਜੋੜਣ ਲਈ ਵਰਲਡ ਸਿੱਖ ਪਾਰਲੀਮੈਂਟ ਦੀਆਂ ਵਿਦਿਅਕ, ਧਾਰਮਿਕ ਕੌਂਸਲਾਂ ਵਲੋਂ ਗੁਰੂ ਸਾਹਿਬ ਦੀ ਕਿਰਪਾ ਨਾਲ ਵੱਖ ਵੱਖ ਪ੍ਰੋਗਰਾਮ ਉਲੀਕੇ ਜਾਂਦੇ ਹਨ। ਅਮਰੀਕਾ ਵਿਚ ਹਰ ਸਾਲ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਧਾਰਮਿਕ ਪ੍ਰਤੀਯੋਗਤਾ ਮੁਕਾਬਲੇ ਕਰਵਾਏ ਜਾਂਦੇ ਹਨ। ਜਿਸ ਨਾਲ ਕਿ ਪੱਛਮੀ ਸੱਭਿਆਚਾਰ ਦੇ ਅਸਰ ਹੇਠ ਆਪਣੇ ਮਾਣਮੱਤੇ ਇਤਿਹਾਸ ਤੋਂ ਦੂਰ ਹੋ ਰਹੀ ਨੌਜਵਾਨ ਪੀੜ੍ਹੀ ਨੂੰ ਮੁੜ ਦੁਨੀਆਂ ਦੇ ਇਤਿਹਾਸ ਵਿਚ ਨਿਵੇਕਲੇ ਇਸ ਲਾਸਾਨੀ ਸਿੱਖ ਵਿਰਸੇ ਬਾਰੇ ਜਾਣੂ ਕਰਵਾਕੇ ਜੋੜਿਆ ਜਾ ਸਕੇ। ਇਸ ਪ੍ਰੋਗਰਾਮ ਲਈ ਬੱਚਿਆਂ ਨੂੰ ਤਿੰਨ ਉਮਰ ਵਰਗਾਂ ਵਿਚ ਰੱਖਿਆ ਜਾਂਦਾ ਹੈ, ਅਤੇ ਹਰ ਵਰਗ ਦੇ ਬੱਚਿਆਂ ਨੇ ਸਵਾਲ-ਜਵਾਬ (ਕੁਇਜ਼), ਗੁਰਬਾਣੀ ਕੰਠ, ਅਤੇ ਸਪੀਚ ਦੇ ਨਾਲ-ਨਾਲ ਇਸ ਵਾਰ ਤੀਰਅੰਦਾਜ਼ੀ ਦੇ ਮੁਕਾਬਲਿਆਂ ਵਿਚ ਵੀ ਹਿਸਾ ਲਿਆ। 30 ਨਵੰਬਰ ਤੋ ਸ਼ੁਰੂ ਹੋ ਕੇ 21 ਦਸੰਬਰ ਤੱਕ ਚੱਲੇ ਇਸ ਪ੍ਰੋਗਰਾਮ ਵਿਚ ਹਰ ਵੀਕਐਂਡ ਤੇ ਸ਼ੁੱਕਰ, ਸ਼ਨੀ ਤੇ ਐਤਵਾਰ ਨੂੰ ਮੁਕਾਬਲਿਆਂ ਲਈ ਸੱਤ ਸਟੇਟਾਂ ਵਿਚ ਵੱਖ ਵੱਖ ਪੰਦਰਾਂ ਸੈਂਟਰ ਬਣਾਏ ਗਏ, ਜਿਨ੍ਹਾਂ ਵਿਚ ਵਰਜੀਨੀਆ ਦੇ ਗੁਰਦੁਆਰਾ ਸਿੰਘ ਸਭਾ ਫੇਅਰਫੈਕਸ।

ਨਿਊਯਾਰਕ ਦੇ ਗੁਰਦੁਆਰਾ ਸਿੱਖ ਕਲਚਰਲ ਸੋਸਾਇਟੀ ਰਿਚਮੰਡ ਹਿੱਲ, ਸਿੱਖ ਸੈਂਟਰ ਆਫ ਨਿਊਯਾਰਕ ਫਲੱਸ਼ੰਗਿ/ਕੁਈਨਜ ਵਿਲੇਜ, ਗੁਰਦੁਆਰਾ ਬਾਬਾ ਮੱਖਣ ਸ਼ਾਹ ਲੁਬਾਣਾ ਸਿੱਖ ਸੈਂਟਰ, ਗੁਰੂ ਗੋਬਿੰਦ ਸਿੰਘ ਸਿੱਖ ਸੈਂਟਰ ਪਲੇਨਵਿਊ। ਨਿਊਜਰਸੀ ਦੇ ਗੁਰਦੁਆਰਾ ਦਸ਼ਮੇਸ਼ ਦਰਬਾਰ ਕਾਰਟਰੇਟ, ਸਿੱਖ ਗੁਰ-ਦੁਆਰਾ ਆਫ ਪਾਈਨਹਿੱਲ, ਸ੍ਰੀ ਗੁਰੂ ਸਿੰਘ ਸਭਾ ਗਲੈਨਰਾਕ। ਕਨੈਕਟੀਕਟ ਦੇ ਗੁਰ-ਦੁਆਰਾ ਗੁਰੂ ਨਾਨਕ ਦਰਬਾਰ ਸਾਊਥਿੰਗਟਨ।

ਪੈਨਸਿਲਵੇਨੀਆ ਦੇ ਗੁਰਦੁਆਰਾ ਸਿੱਖ ਸੋਸਾਇਟੀ ਆਫ ਹੈਰਿਸਬਰਗ, ਗੁਰਦੁਆਰਾ ਗੁਰੂ ਨਾਨਕ ਸਿੱਖ ਸੋਸਾਇਟੀ ਆਫ ਲੀਹਾਈ ਵੈਲੀ ਨੈਜਰਥ, ਗੁਰਦੁਆਰਾ ਸਿੱਖ ਸਾਧਸੰਗਤ ਈਸਟਨ। ਮੇਰੀਲੈਂਡ ਦੇ ਗੁਰ-ਦੁਆਰਾ ਬਾਲਟੀਮੋਰ ਸਿੱਖ ਸੋਸਾਇਟੀ। ਮੈਸਾਚਿਊਸਟਸ ਦੇ ਗੁਰਦੁਆਰਾ ਸਿੱਖ ਸੰਗਤ ਐਵਰੈਟ ਬੌਸਟਨ, ਗੁਰਦੁਆਰਾ ਗੁਰੂ ਨਾਨਕ ਦਰਬਾਰ ਮੈਡਫੋਰਡ ਬੌਸਟਨ; ਵਿਖੇ ਸੈਂਟਰ ਬਣਾਏ ਗਏ। ਜਿੰਨਾ ਵਿਚ ਸੱਤ ਸੌ ਤੋਂ ਵੱਧ ਬੱਚਿਆਂ ਨੇ ਹਿਸਾ ਲਿਆ। ਇਸ ਧਾਰਮਿਕ ਪ੍ਰਤੀਯੋਗਤਾ ਦਾ ਫਾਈਨਲ ਪ੍ਰੋਗਰਾਮ 21 ਦਸੰਬਰ 2024 ਨੂੰ ਸਿੱਖ ਗੁਰਦੁਆਰਾ ਆਫ ਪਾਈਨਹਿੱਲ, ਨਿਊਜਰਸੀ ਦੇ ਵਿਚ ਕਰਵਾਇਆ ਗਿਆ। ਜਿਥੇ ਕੇ ਸਾਰੇ 15 ਸੈਂਟਰਾਂ ਤੋਂ ਤਿੰਨੇ ਉਮਰ ਵਰਗਾਂ ਵਿਚੋਂ ਅੱਵਲ ਰਹੇ ਬੱਚਿਆਂ ਨੇ ਫਾਈਨਲ ਸਪੀਚ ਮੁਕਾਬਲੇ ਵਿਚ ਗੁਰੂ ਅਮਰਦਾਸ ਜੀ, ਗੁਰੂ ਰਾਮਦਾਸ ਜੀ ਅਤੇ 1984 ਨਾਲ ਸਬੰਧਤ ਆਪੋ ਆਪਣੇ ਵਿਸ਼ਿਆਂ ਬਾਰੇ ਬਹੁਤ ਭਾਵਪੂਰਤ ਸਪੀਚਾਂ ਦਿੱਤੀਆਂ ।

ਪ੍ਰੋਗਰਾਮ ਦੇ ਅਖੀਰ ਵਿਚ ਇਕ ਬਹੁਤ ਹੀ ਪ੍ਰਭਾਵਸ਼ਾਲੀ ਇਨਾਮ ਵੰਡ ਸਮਾਗਮ ਹੋਇਆ। ਜਿਸ ਦੌਰਾਨ ਈਸਟ-ਕੋਸਟ ਦੀਆਂ ਪ੍ਰਸਿੱਧ ਹਸਤੀਆਂ ਅਤੇ ਸਿੱਖ ਲੀਡਰਾਂ ਨੇ ਆਪਣੇ ਕਰ ਕਮਲਾਂ ਨਾਲ, ਸਵਾਲ-ਜਵਾਬ (ਕੁਇਜ਼), ਗੁਰਬਾਣੀ ਕੰਠ, ਅਤੇ ਸਪੀਚ ਦੇ ਮੁਕਾਬਲਿਆਂ ਵਿਚ ਤਿੰਨੇ ਉਮਰ ਵਰਗਾਂ ਵਿਚ ਪਹਿਲੇ, ਦੂਜੇ, ਤੀਜੇ ਸਥਾਨ ਤੇ ਰਹਿਣ ਵਾਲੇ ਬੱਚਿਆਂ ਨੂੰ ਬਹੁਤ ਹੀ ਆਕਰਸ਼ਕ ਅਤੇ ਵੱਡੇ ਇਨਾਮ ਦਿਤੇ, ਅਤੇ ਨਾਲ ਹੀ ਸਾਰੇ ਭਾਗ ਲੈਣ ਵਾਲੇ ਬੱਚਿਆਂ ਨੂੰ ਗਿਫਟ-ਕਾਰਡ ਦਿੱਤੇ ਗਏ। ਸਾਰੇ ਗੁਰਦ-ਆਰਾ ਸੈਂਟਰਾਂ ਨੂੰ ਵਿਸ਼ੇਸ਼ ਯਾਦਗਾਰੀ ਸਨਮਾਨ ਭੇਟ ਕੀਤੇ ਗਏ।

ਅਮਰੀਕਾ ਰੀਜਨ ਵਿਚ ਈਸਟ-ਕੋਸਟ ਲੈਵਲ ਦੇ ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਵਿਚ ਬੱਚਿਆਂ ਦੇ ਮਾਪਿਆਂ ਦੇ ਨਾਲ, ਸਾਰੀਆਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ, ਖਾਲਸਾ ਸਕੂਲਾਂ, ਪੰਥਕ ਜਥੇਬੰਦੀਆਂ, ਅਤੇ ਸਿੱਖ ਸੰਗਤਾਂ ਨੇ ਭਰਪੂਰ ਸਹਿਜੋਗ ਦਿਤਾ ਅਤੇ ਵਿਦਿਅਕ, ਧਾਰਮਿਕ ਕੌਂਸਲਾਂ ਦੇ ਇਸ ਉਦਮ ਦੀ ਸ਼ਲਾਘਾ ਕੀਤੀ।ਆਉਣ ਵਾਲੇ ਸਮੇ ਵਿਚ ਸੰਗਤਾਂ ਵੱਲੋਂ ਇਹ ਪ੍ਰੋਗਰਾਮ ਅਮਰੀਕਾ ਅਤੇ ਹੋਰ ਰੀਜਨਾਂ ਵਿਚ ਕਰਵਾਉਣ ਦੀ ਪ੍ਰਬੰਧਕਾਂ ਕੋਲੋਂ ਬਹੁਤ ਪੁਰਜ਼ੋਰ ਮੰਗ ਕੀਤੀ ਗਈ। ਸੇਵਾਦਾਰਾਂ ਵੱਲੋ ਗੁਰੂ ਪਾਤਸ਼ਾਹ ਦੀ ਕਿਰਪਾ ਤੇ ਸੰਗਤਾਂ ਦੇ ਸਹਿਯੋਗ ਨਾਲ ਸਿੱਖੀ ਦੇ ਪ੍ਰਚਾਰ ਪ੍ਰਸਾਰ ਦੇ ਉਦਮ ਉਪਰਾਲੇ ਕਰਦੇ ਰਹਿਣ ਲਈ ਅਰਜੋਈ ਹੈ ਕਿ ਮਹਾਰਾਜ ਕਿਰਪਾ ਕਰਨ ਤਾਂ ਕਿ ਗੁਰੂ ਨਾਨਕ ਸਾਹਿਬ ਦਾ ਸਰਬ ਸਾਂਝੀਵਾਲਤਾ ਦਾ ਮਨੁੱਖਤਾਵਾਦੀ ਸੰਦੇਸ਼ ਨੌਜਵਾਨਾਂ ਬੱਚਿਆਂ ਤੋਂ ਲੈ ਕੇ ਦੁਨੀਆ ਦੇ ਹਰ ਕੋਨੇ ਵਿੱਚ ਪਹੁੰਚਾਇਆ ਜਾਵੇ।


















# ਡੋਨਾਲਡ ਟਰੰਪ ਨੇ ਵ੍ਹਾਈਟ ਹਾਊਸ ਦੀਆਂ ਨਿਯੁਕਤੀਆਂ ਦਾ ਕੀਤਾ ਐਲਾਨ

ਵਾਸ਼ਿੰਗਟਨ, 6 ਜਨਵਰੀ (ਪੋਸਟ ਬਿਊਰੋ): ਅਮਰੀਕਾ ਦੇ ਨਵੇਂ ਚੁਣੇ ਗਏ ਰਾਸ਼ਟਰਪਤੀ ਡੋਨਾਲਡ ਟਰੰਪ ਨੇ 20 ਜਨਵਰੀ ਨੂੰ ਸਹੁੰ ਚੁੱਕਣ ਤੋਂ ਪਹਿਲਾਂ ਆਪਣੀ ਵ੍ਹਾਈਟ ਹਾਊਸ ਟੀਮ ਵਿਚ ਅਹਿਮ ਨਿਯੁਕਤੀਆਂ ਦਾ ਐਲਾਨ ਕੀਤਾ। ਸਟੈਨਲੀ ਈ. ਵੁੱਡਵਰਡ ਰਾਸ਼ਟਰਪਤੀ ਦੇ ਸਹਾਇਕ ਅਤੇ ਸੀਨੀਅਰ ਵਕੀਲ ਵਜੋਂ ਕੰਮ ਕਰਨਗੇ, ਜਦੋਂਕਿ ਰਾਬਰਟ ਗੈਬਰੀਅਲ ਜੂਨੀਅਰ ਨੀਤੀ ਲਈ ਰਾਸ਼ਟਰਪਤੀ ਦੇ ਸਹਾਇਕ ਵਜੋਂ ਵਾਪਿਸ ਆਉਣਗੇ। ਨਿਕੋਲਸ ਐੱਫ. ਲੂਨਾ ਰਣਨੀਤਕ ਲਾਗੂ ਕਰਨ ਲਈ ਡਿਪਟੀ ਚੀਫ਼ ਆਫ਼ ਸਟਾਫ਼ ਦੀ ਭੂਮਿਕਾ ਨਿਭਾਏਗੀ ਅਤੇ ਵਿਲੀਅਮ ਬੀਉ ਹੈਰੀਸਨ ਕਾਰਵਾਈਆਂ ਲਈ ਡਿਪਟੀ ਚੀਫ਼ ਆਫ਼ ਸਟਾਫ਼ ਵਜੋਂ ਵਾਪਿਸ ਆਉਣਗੇ।



"ਸਟੇਨਲੀ ਈ. ਵੁੱਡਵਰਡ, ਜੂਨੀਅਰ ਰਾਸ਼ਟਰਪਤੀ ਡੋਨਾਲਡ ਜੇ. ਟਰੰਪ ਦੇ ਵ੍ਹਾਈਟ ਹਾਊਸ ਵਿੱਚ ਸ਼ਾਮਿਲ ਹੋਣਗੇ ਅਤੇ ਰਾਸ਼ਟਰਪਤੀ ਅਤੇ ਸੀਨੀਅਰ ਸਲਾਹਕਾਰ ਦੇ ਸਹਾਇਕ ਵਜੋਂ ਕੰਮ ਕਰਨਗੇ। ਵੁੱਡਵਰਡ ਵ੍ਹਾਈਟ ਹਾਊਸ ਦੇ ਚੀਫ਼ ਆਫ਼ ਸਟਾਫ ਦੇ ਨਾਲ ਮਿਲ ਕੇ ਕੰਮ ਕਰੇਗਾ। ਵੁੱਡਵਰਡ ਇੱਕ ਮੰਨੇ-ਪ੍ਰਮੰਨੇ ਮੁਕੱਦਮੇਬਾਜ਼ ਅਤੇ ਬ੍ਰਾਂਡ ਵੁੱਡਵਰਡ ਲਾਅ ਹੈ, ਐਲ.ਪੀ., ਜਿੱਥੇ ਉਸਨੇ ਗੁੰਝਲਦਾਰ, ਉੱਚ-ਦਾਅ ਵਾਲੇ ਮੁਕੱਦਮੇ ਵਿੱਚ ਕਈ ਉੱਚ-ਪ੍ਰੋਫਾਈਲ ਗਾਹਕਾਂ ਦੀ ਨੁਮਾਇੰਦਗੀ ਕੀਤੀ, ਜਿਸ ਵਿੱਚ ਮਲਟੀਪਲ ਫੈਡਰਲ ਜਿਊਰੀ ਟ੍ਰਾਇਲ ਵੀ ਸ਼ਾਮਿਲ ਹਨ।

ਪਹਿਲਾਂ, ਵੁੱਡਵਰਡ ਇੱਕ ਬਹੁ-ਰਾਸ਼ਟਰੀ ਕਾਨੂੰਨ ਫਰਮ ਵਿੱਚ ਕੰਮ ਕਰਦਾ ਸੀ, ਜਿੱਥੇ ਉਸਦੇ ਤਜ਼ਰਬੇ ਵਿੱਚ ਯੂ.ਐੱਸ. ਵਿਦੇਸ਼ੀ ਭ੍ਰਿਸ਼ਟ ਪ੍ਰੈਕਟਿਸ ਐਕਟ ਦੀ ਕਥਿਤ ਉਲੰਘਣਾ ਦੇ ਬਚਾਅ ਵਿੱਚ ਕਈ ਅੰਤਰਰਾਸ਼ਟਰੀ ਕਾਰਪੋਰੇਸ਼ਨਾਂ ਦੀ ਨੁਮਾਇੰਦਗੀ ਕਰਨ ਦੇ ਨਾਲ-ਨਾਲ ਦੇਸ਼ ਵਿਆਪੀ ਸੰਘੀ ਮੁਕੱਦਮੇ ਵਿੱਚ ਸ਼ਾਮਲ ਕੰਪਨੀਆਂ ਲਈ ਤਾਲਮੇਲ ਕਰਨ ਦਾ ਕੰਮ ਸ਼ਾਮਿਲ ਸੀ। ਰਾਬਰਟ ਗੈਬਰੀਅਲ ਜੂਨੀਅਰ ਨੀਤੀ ਲਈ ਰਾਸ਼ਟਰਪਤੀ ਦੇ ਸਹਾਇਕ ਵਜੋਂ ਵ੍ਹਾਈਟ ਹਾਊਸ ਵਾਪਸ ਪਰਤਣਗੇ।

ਗੈਬਰੀਅਲ ਨੇ ਦੁਨੀਆਂ ਦੇ ਸਭ ਤੋਂ ਸ਼ਕਤੀਸ਼ਾਲੀ ਦਫਤਰ ਲਈ 2015 ਦੀ ਆਪਣੀ ਮੁਹਿੰਮ ਤੋਂ ਬਾਅਦ ਟਰੰਪ ਨੂੰ ਵੱਖ-ਵੱਖ ਭੂਮਿਕਾਵਾਂ ਵਿੱਚ ਸੇਵਾ ਦਿੱਤੀ ਹੈ। ਉਸਨੇ ਟਰੰਪ ਦੀ ਇਤਿਹਾਸਕ ਮੁਹਿੰਮ ਵਿੱਚ ਇੱਕ ਨੀਤੀ ਸਲਾਹਕਾਰ ਵਜੋਂ ਟਰੰਪ ਟਾਵਰ ਵਿੱਚ ਸ਼ੁਰੂਆਤ ਕੀਤੀ। ਗੈਬਰੀਅਲ ਨੇ ਪਹਿਲਾਂ ਵੀ ਰਾਸ਼ਟਰਪਤੀ ਦੇ ਵਿਸ਼ੇਸ਼ ਸਹਾਇਕ ਵਜੋਂ, ਟਰੰਪ ਪ੍ਰਸ਼ਾਸਨ ਦੇ ਸਮੁੱਚੇ ਤੌਰ 'ਤੇ ਪੱਛਮੀ ਵਿੰਗ ਵਿੱਚ ਕੰਮ ਕੀਤਾ ਸੀ।

ਟਰੰਪ ਨੇ ਇੱਕ ਬਿਆਨ ਵਿੱਚ ਕਿਹਾ ਕਿ ਲੂਨਾ ਵ੍ਹਾਈਟ ਹਾਊਸ ਦੀ ਇੱਕ ਬਹੁਤ ਹੀ ਸਤਿਕਾਰਤ ਅਨੁਭਵੀ ਅਤੇ ਟਰੰਪ-ਵੈਨਸ ਮੁਹਿੰਮ ਦੀ ਯੋਧਾ ਹੈ ਕਿ ਉਸਨੇ ਪਹਿਲਾਂ ਰਾਸ਼ਟਰਪਤੀ ਦੀ ਯਾਤਰਾ ਦੇ ਨਿਰਦੇਸ਼ਕ, ਰਾਸ਼ਟਰਪਤੀ ਦੇ ਨਿੱਜੀ ਸਹਾਇਕ, ਰਾਸ਼ਟਰਪਤੀ ਦੇ ਸਹਾਇਕ ਅਤੇ ਨਿਰਦੇਸ਼ਕ ਦੇ ਰੂਪ ਵਿੱਚ ਕੰਮ ਕੀਤਾ ਹੈ। ਓਵਲ ਆਫਿਸ ਸੰਚਾਲਨ ਸਭ ਤੋਂ ਹਾਲ ਹੀ ਵਿੱਚ, ਉਸਨੇ ਉਪ-ਰਾਸ਼ਟਰਪਤੀ-ਚੁਣੇ ਜੇ.ਡੀ. ਵੈਂਸ ਲਈ ਸੰਚਾਲਨ ਦੇ ਨਿਰਦੇਸ਼ਕ ਵਜੋਂ ਪ੍ਰਸ਼ੰਸਾਯੋਗ ਤੌਰ 'ਤੇ ਸੇਵਾ ਕੀਤੀ। ਵ੍ਹਾਈਟ ਹਾਊਸ ਵਿੱਚ ਆਪਣੀ ਸੀਨੀਅਰ ਭੂਮਿਕਾ ਵਿੱਚ, ਲੂਨਾ ਰਾਸ਼ਟਰਪਤੀ ਦੇ ਕਾਰਜਕ੍ਰਮ ਦੀ ਨਿਗਰਾਨੀ ਕਰੇਗੀ ਅਤੇ ਇਹ ਯਕੀਨੀ ਬਣਾਏਗੀ ਕਿ ਬਾਹਰੀ ਵ੍ਹਾਈਟ ਹਾਊਸ ਮੈਸੇਜਿੰਗ, ਆਊਟਰੀਚ ਅਤੇ ਸੰਚਾਲਨ ਪ੍ਰਸ਼ਾਸਨ ਦੇ ਥੋੜ੍ਹੇ ਅਤੇ ਲੰਬੇ ਸਮੇਂ ਦੇ ਉਦੇਸ਼ਾਂ ਨਾਲ ਮੇਲ ਖਾਂਦਾ ਹੈ। ਇਸ ਵਿੱਚ ਪ੍ਰਮੁੱਖ ਵ੍ਹਾਈਟ ਹਾਊਸ ਨੀਤੀ, ਵਿਧਾਨਕ ਪਹਿਲਕਦਮੀਆਂ ਅਤੇ ਮੀਲ ਪੱਥਰ ਸਮਾਗਮਾਂ ਦੇ ਜਨਤਕ-ਸਾਹਮਣੇ ਵਾਲੇ ਪਹਿਲੂਆਂ ਨੂੰ ਚਲਾਉਣ ਲਈ ਇੱਕ ਬੇਮਿਸਾਲ ਟੀਮ ਨਾਲ ਕੰਮ ਕਰਨਾ ਸ਼ਾਮਲ ਹੈ। ਵਿਲੀਅਮ ਬਿਊ ਹੈਰੀਸਨ ਰਾਸ਼ਟਰਪਤੀ ਦੇ ਸਹਾਇਕ ਅਤੇ ਅਪਰੇਸ਼ਨਾਂ ਲਈ ਡਿਪਟੀ ਚੀਫ਼ ਆਫ਼ ਸਟਾਫ ਵਜੋਂ ਵ੍ਹਾਈਟ ਹਾਊਸ ਵਾਪਿਸ ਪਰਤਣਗੇ।

# ਛੱਤੀਸਗੜ੍ਹ ਵਿਚ ਨਕਸਲੀ ਹਮਲੇ ਵਿੱਚ ਅੱਠ ਜਵਾਨਾਂ ਸਣੇ 9 ਹਲਾਕ

ਬੀਜਾਪੁਰ, 6 ਜਨਵਰੀ (ਪੋਸਟ ਬਿਊਰੋ): ਛੱਤੀਸਗੜ੍ਹ ਦੇ ਨਕਸਲ ਪ੍ਰਭਾਵਿਤ ਬੀਜਾਪੁਰ ਜ਼ਿਲ੍ਹੇ ਵਿੱਚ ਨਕਸਲੀਆਂ ਨੇ ਅੱਜ ਬਾਰੂਦੀ ਸੁਰੰਗ ਵਿੱਚ ਧਮਾਕਾ ਕਰ ਕੇ ਸੁਰੱਖਿਆ ਬਲਾਂ ਦੇ ਵਾਹਨ ਨੂੰ ਉਡਾ ਦਿੱਤਾ। ਇਸ ਹਮਲੇ ਵਿੱਚ ਅੱਠ ਜਵਾਨਾਂ ਸਣੇ 9 ਵਿਅਕਤੀਆਂ ਦੀ ਮੌਤ ਹੋ ਗਈ। ਪੁਲਿਸ ਨੇ ਇਹ ਜਾਣਕਾਰੀ ਦਿੱਤੀ।



ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਜ਼ਿਲ੍ਹੇ ਦੇ ਕੁਟਰੂ ਥਾਣਾ ਖੇਤਰ ਅਧੀਨ ਅੰਬੇਲੀ ਪਿੰਡ ਦੇ ਨੇੜੇ ਨਕਸਲੀਆਂ ਨੇ ਬਾਰੂਦੀ ਸੁਰੰਗ ਵਿੱਚ ਧਮਾਕਾ ਕਰ ਕੇ ਸੁਰੱਖਿਆ ਬਲਾਂ ਦੇ ਵਾਹਨ ਨੂੰ ਉਡਾ ਦਿੱਤਾ। ਉਨ੍ਹਾਂ ਦੱਸਿਆ ਕਿ ਇਸ ਘਟਨਾ ਵਿੱਚ ਦਾਂਤੇਵਾੜਾ ਜ਼ਿਲ੍ਹਾ ਰਿਜ਼ਰਵ ਗਾਰਡ (ਡੀਆਰਜੀ) ਦੇ ਅੱਠ ਜਵਾਨ ਸ਼ਹੀਦ ਹੋ ਗਏ ਹਨ ਅਤੇ ਵਾਹਨ ਚਾਲਕ ਦੀ ਵੀ ਮੌਤ ਹੋ ਗਈ ਹੈ।

ਅਧਿਕਾਰੀਆਂ ਨੇ ਦੱਸਿਆ ਕਿ ਦਾਂਤੇਵਾੜਾ, ਨਾਰਾਇਣਪੁਰਾ ਤੇ ਬੀਜਾਪੁਰ ਜ਼ਿਲ੍ਹਿਆਂ ਦੀ ਸਾਂਝੀ ਟੀਮ ਨੂੰ ਨਕਸਲ ਵਿਰੋਧੀ ਮੁਹਿੰਮ ਲਈ ਰਵਾਨਾ ਕੀਤਾ ਗਿਆ ਸੀ। ਟੀਮ ਅੱਜ ਜਦੋਂ ਮੁਹਿੰਮ ਤੋਂ ਵਾਪਿਸ ਪਰਤ ਰਹੀ ਸੀ ਤਾਂ ਦੁਪਹਿਰ ਕਰੀਬ 2:15 ਵਜੇ ਕੁਟਰੂ ਥਾਣਾ ਖੇਤਰ ਅਧੀਨ ਅੰਬੇਲੀ ਪਿੰਡ ਨੇੜੇ ਨਕਸਲੀਆਂ ਨੇ ਬਾਰੂਦੀ ਸੁਰੰਗ ਵਿੱਚ ਧਮਾਕਾ ਕਰ ਕੇ ਸੁਰੱਖਿਆ ਬਲਾਂ ਦੇ ਵਾਹਨ ਨੂੰ ਉਡਾ ਦਿੱਤਾ।

ਅਧਿਕਾਰੀਆਂ ਨੇ ਦੱਸਿਆ ਕਿ ਵਾਧੂ ਸੁਰੱਖਿਆ ਬਲ ਨੂੰ ਘਟਨਾ ਸਥਾਨ ਲਈ ਰਵਾਨਾ ਕੀਤਾ ਗਿਆ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਲਈ ਜਾ ਰਹੀ ਹੈ। ਇਸ ਤੋਂ ਪਹਿਲਾਂ 26 ਅਪਰੈਲ 2023 ਨੂੰ ਗੁਆਂਢੀ ਦਾਂਤੇਵਾੜਾ ਜ਼ਿਲ੍ਹੇ ਵਿੱਚ ਸੁਰੱਖਿਆ ਮੁਲਾਜ਼ਮਾਂ ਨੂੰ ਲੈ ਕੇ ਜਾ ਰਹੇ ਵਾਹਨਾਂ ਦੇ ਕਾਫਲੇ ਵਿੱਚ ਸ਼ਾਮਲ ਇਕ ਐੱਮਯੂਵੀ ਨੂੰ ਨਕਸਲੀਆਂ ਨੇ ਬੰਬ ਨਾਲ ਉਡਾ ਦਿੱਤਾ ਸੀ। ਇਸ ਘਟਨਾ ਵਿੱਚ 10 ਪੁਲੀਸ ਮੁਲਾਜ਼ਮਾਂ ਤੇ ਇਕ ਚਾਲਕ ਦੀ ਮੌਤ ਹੋ ਗਈ ਸੀ।

# ਦੁਨੀਆਂ ਦੀ ਸਭ ਤੋਂ ਬਜ਼ੁਰਗ ਔਰਤ ਇਤੂਕਾ ਦੀ ਮੌਤ

## 116 ਸਾਲ ਦੀ ਉਮਰ ’ਚ ਆਖਰੀ ਸਾਹ



ਟੋਕੀਓ, 6 ਜਨਵਰੀ (ਪੋਸਟ ਬਿਊਰੋ): ਜਾਪਾਨ ਵਿੱਚ ਦੁਨੀਆਂ ਦੀ ਸਭ ਤੋਂ ਬਜ਼ੁਰਗ ਔਰਤ ਤੋਮਿਕੋ ਇਤੂਕਾ ਦੀ 116 ਸਾਲ ਦੀ ਉਮਰ ਵਿੱਚ ਮੌਤ ਹੋ ਗਈ ਹੈ। ‘ਗਿਨੀਜ਼ ਵਰਲਡ ਰਿਕਾਰਡ’ ਮੁਤਾਬਕ ਜਪਾਨ ਦੀ ਰਹਿਣ ਵਾਲੀ ਇਤੂਕਾ ਦੁਨੀਆਂ ਦੀ ਸਭ ਤੋਂ ਬਜ਼ੁਰਗ ਔਰਤ ਸੀ। ਮੱਧ ਜਾਪਾਨ ਦੇ ਹਯੋਗੋ ਪ੍ਰੀਫੈਕਚਰ ਦੇ ਆਸ਼ੀਆ ਵਿੱਚ 29 ਦਸੰਬਰ ਨੂੰ ਉਨ੍ਹਾਂ ਦੀ ਮੌਤ ਹੋਈ। ਉਨ੍ਹਾਂ ਦਾ ਜਨਮ 23 ਮਈ 1908 ਨੂੰ ਓਸਾਕਾ ਵਿੱਚ ਹੋਇਆ ਸੀ। ਪਿਛਲੇ ਸਾਲ 117 ਸਾਲਾ ਮਾਰੀਆ ਬ੍ਰਾਨੀਆਸ ਦੀ ਮੌਤ ਤੋਂ ਬਾਅਦ ਉਹ ਸਭ ਤੋਂ ਬਜ਼ੁਰਗ ਔਰਤ ਬਣ ਗਈ ਸੀ। ਇਤੂਕਾ ਹਾਈ ਸਕੂਲ ਵਿੱਚ ਵਾਲੀਬਾਲ ਖਿਡਾਰਨ ਸੀ। ਉਸ ਨੇ 3,067 ਮੀਟਰ (10,062 ਫੁੱਟ) ਉੱਚੀ ਚੋਟੀ ਮਾਊਂਟ ਓਨਟੇਕ ਦੋ ਵਾਰ ਸਰ ਕੀਤੀ।

# ਤਾਮਿਲਨਾਡੂ ਦੇ ਰਾਜਪਾਲ ਬਿਨ੍ਹਾਂ ਸੰਬੋਧਨ ਕੀਤੇ ਵਿਧਾਨ ਸਭਾ ਤੋਂ ਬਾਹਰ ਗਏ

*** ਤਾਮਿਲਨਾਡੂ ਦੇ ਰਾਜਪਾਲ ਬਿਨ੍ਹਾਂ ਸੰਬੋਧਨ ਕੀਤੇ ਵਿਧਾਨ ਸਭਾ ਤੋਂ ਬਾਹਰ ਗਏ * ਮੁੱਖ ਮੰਤਰੀ ਐੱਮ.ਕੇ.ਸਟਾਲਿਨ ਨੇ ਇਸ ਨੂੰ ਬਚਕਾਨਾ ਕੰਮ ਕਿਹਾ**

ਚੇਨੱਈ, 6 ਜਨਵਰੀ (ਪੋਸਟ ਬਿਊਰੋ): ਤਾਮਿਲਨਾਡੂ ਦੇ ਰਾਜਪਾਲ ਆਰ.ਐੱਨ. ਰਵੀ ਨੇ ਸੰਵਿਧਾਨ ਅਤੇ ਕੌਮੀ ਗੀਤ ਦਾ ‘ਅਪਮਾਨ’ ਕਰਨ ਕਾਰਨ ਸੋਮਵਾਰ ਨੂੰ ਵਿਧਾਨ ਸਭਾ ਤੋਂ ਚਲੇ ਗਏ ਅਤੇ ਅਪਣਾ ਰਵਾਇਤੀ ਭਾਸ਼ਣ ਵੀ ਨਹੀਂ ਦਿਤਾ। ਰਾਜਪਾਲ ਦੇ ਭਾਸ਼ਣ ਸ਼ੁਰੂ ਹੋਣ ਤੋਂ ਕੁੱਝ ਮਿੰਟ ਪਹਿਲਾਂ ਮੁੱਖ ਵਿਰੋਧੀ ਧਿਰ ਏ.ਆਈ.ਏ.ਡੀ.ਐੱਮ.ਕੇ. ਦੇ ਮੈਂਬਰ ਸਦਨ ਦੇ ਵਿਚਕਾਰ ਆ ਗਏ ਅਤੇ ਨਾਅਰੇਬਾਜ਼ੀ ਸ਼ੁਰੂ ਕਰ ਦਿਤੀ। ਵਿਧਾਨ ਸਭਾ ਸਪੀਕਰ ਐੱਮ. ਅੱਪਾਵੂ ਦੇ ਹੁਕਮਾਂ ’ਤੇ ਮਾਰਸ਼ਲਾਂ ਨੇ ਉਨ੍ਹਾਂ ਨੂੰ ਸਮੂਹਿਕ ਤੌਰ ’ਤੇ ਬਾਹਰ ਕੱਢ ਦਿਤਾ।

ਇਸ ਦੌਰਾਨ ਕਾਂਗਰਸ ਮੈਂਬਰਾਂ ਨੇ ਕਾਲੇ ਬਿੱਲੇ ਵੀ ਪਹਿਨੇ ਅਤੇ ਰਾਜਪਾਲ ਵਿਰੁਧ ਨਾਅਰੇਬਾਜ਼ੀ ਕੀਤੀ। ਇਸ ਤੋਂ ਬਾਅਦ ਭਾਜਪਾ ਅਤੇ ਪੀ.ਐੱਮ.ਕੇ. ਦੇ ਮੈਂਬਰ ਸਦਨ ਤੋਂ ਵਾਕਆਊਟ ਕਰ ਗਏ। ਰਾਜਪਾਲ ਦੇ ਦਫਤਰ ਨੇ ਸੋਸ਼ਲ ਮੀਡੀਆ ਪਲੇਟਫਾਰਮ ‘ਐਕਸ’ ’ਤੇ ਇਕ ਪੋਸਟ ਵਿਚ ਦੋਸ਼ ਲਾਇਆ ਕਿ ਤਾਮਿਲਨਾਡੂ ਵਿਧਾਨ ਸਭਾ ਵਿਚ ਇਕ ਵਾਰ ਫਿਰ ਸੰਵਿਧਾਨ ਅਤੇ ਕੌਮੀ ਗੀਤ ਦਾ ਅਪਮਾਨ ਕੀਤਾ ਗਿਆ। ਉਨ੍ਹਾਂ ਕਿਹਾ ਕਿ ਕੌਮੀ ਗੀਤ ਦਾ ਸਨਮਾਨ ਕਰਨਾ ਸਾਡੇ ਸੰਵਿਧਾਨ ਦੇ ਪਹਿਲੇ ਬੁਨਿਆਦੀ ਫਰਜ਼ਾਂ ਵਿਚੋਂ ਇਕ ਹੈ। ਇਹ ਰਾਜਪਾਲ ਦੇ ਭਾਸ਼ਣ ਦੇ ਸ਼ੁਰੂ ਅਤੇ ਅੰਤ ’ਚ ਸਾਰੀਆਂ ਰਾਜ ਵਿਧਾਨ ਸਭਾਵਾਂ ’ਚ ਗਾਇਆ ਜਾਂਦਾ ਹੈ। ਅੱਜ ਜਦੋਂ ਰਾਜਪਾਲ ਸਦਨ ’ਚ ਆਏ ਤਾਂ ਸਿਰਫ ਤਾਮਿਲ ਥਾਈ ਵਜਾਥੂ (ਰਾਜ ਗੀਤ) ਗਾਇਆ ਗਿਆ ਸੀ। ਰਾਜਪਾਲ ਨੇ ਸਦਨ ਨੂੰ ਉਸ ਦੇ ਸੰਵਿਧਾਨਕ ਫਰਜ਼ ਦੀ ਯਾਦ ਦਿਵਾਈ ਅਤੇ ਸਦਨ ਦੇ ਨੇਤਾ, ਮਾਣਯੋਗ ਮੁੱਖ ਮੰਤਰੀ ਅਤੇ ਮਾਣਯੋਗ ਸਪੀਕਰ ਨੂੰ ਵਾਰ-ਵਾਰ ਕੌਮੀ ਗੀਤ ਗਾਉਣ ਦੀ ਅਪੀਲ ਕੀਤੀ। ਪਰ ਉਨ੍ਹਾਂ ਨੇ ਬਦਤਮੀਜ਼ੀ ਨਾਲ ਇਨਕਾਰ ਕੀਤਾ।

ਰਾਜਭਵਨ ਨੇ ਕਿਹਾ ਕਿ ਇਹ ਗੰਭੀਰ ਚਿੰਤਾ ਦਾ ਵਿਸ਼ਾ ਹੈ। ਰਾਜਪਾਲ ਸੰਵਿਧਾਨ ਅਤੇ ਕੌਮੀ ਗੀਤ ਦੇ ਇਸ ਤਰ੍ਹਾਂ ਦੇ ਅਪਮਾਨ ’ਤੇ ਗੁੱਸੇ ’ਚ ਸਦਨ ਤੋਂ ਬਾਹਰ ਚਲੇ ਗਏ। ਸਦਨ ਦੇ ਨੇਤਾ ਅਤੇ ਸੀਨੀਅਰ ਮੰਤਰੀ ਦੁਰਈਮੁਰੂਗਨ ਨੇ ਕਿਹਾ ਕਿ ਰਾਜਪਾਲ ਨੇ ਉਹੀ ਦੁਹਰਾਇਆ ਹੈ ਜੋ ਉਨ੍ਹਾਂ ਨੇ ਪਿਛਲੇ ਸਾਲਾਂ ’ਚ ਕੀਤਾ ਸੀ।



ਕੌਮੀ ਗੀਤ ਬਾਰੇ ਰਵੀ ਦੇ ਦੋਸ਼ਾਂ ਦਾ ਜ਼ਿਕਰ ਕਰਦਿਆਂ ਮੰਤਰੀ ਨੇ ਕਿਹਾ ਕਿ ਜਦੋਂ ਰਾਜਪਾਲ ਨੇ ਪਿਛਲੇ ਸਾਲ ਇਸੇ ਵਿਸ਼ੇ ’ਤੇ ਸਪੀਕਰ ਨੂੰ ਚਿੱਠੀ ਭੇਜੀ ਸੀ ਤਾਂ ਇਹ ਸਪੱਸ਼ਟ ਕੀਤਾ ਗਿਆ ਸੀ ਕਿ ਭਾਸ਼ਣ ਤੋਂ ਪਹਿਲਾਂ ਰਾਜ ਗੀਤ ਗਾਉਣ ਦੀ ਪ੍ਰੰਪਰਾ ਸੀ ਅਤੇ ਭਾਸ਼ਣ ਦੀ ਸਮਾਪਤੀ ’ਤੇ ਕੌਮੀ ਗੀਤ ਵਜਾਇਆ ਜਾਂਦਾ ਸੀ। ਉਨ੍ਹਾਂ ਕਿਹਾ ਕਿ ਇਸ ਤੋਂ ਬਾਅਦ ਵੀ ਰਾਜਪਾਲ ਵਲੋਂ ਉਸੇ ਮੁੱਦੇ ਦਾ ਦੁਬਾਰਾ ਜ਼ਿਕਰ ਕਰਨਾ ਅਤੇ ਭਾਸ਼ਣ ਪੜ੍ਹੇ ਬਿਨ੍ਹਾਂ ਚਲੇ ਜਾਣਾ ਉਨ੍ਹਾਂ ਦੇ ਅਸਲ ਇਰਾਦਿਆਂ ’ਤੇ ਸਵਾਲੀਆ ਨਿਸ਼ਾਨ ਪੈਦਾ ਕਰਦਾ ਹੈ।

ਉਧਰ ਤਾਮਿਲਨਾਡੂ ਦੇ ਮੁੱਖ ਮੰਤਰੀ ਐੱਮ.ਕੇ. ਸਟਾਲਿਨ ਨੇ ਰਾਜਪਾਲ ਵਲੋਂ ਅਪਣਾ ਰਵਾਇਤੀ ਭਾਸ਼ਣ ਦਿਤੇ ਬਿਨ੍ਹਾਂ ਵਿਧਾਨ ਸਭਾ ਛੱਡਣ ਲਈ ਆਲੋਚਨਾ ਕੀਤੀ ਅਤੇ ਇਸ ਨੂੰ ਬਚਕਾਨਾ ਕੰਮ ਕਰਾਰ ਦਿਤਾ ਅਤੇ ਉਨ੍ਹਾਂ ’ਤੇ ਸੂਬੇ ਦੇ ਲੋਕਾਂ ਦਾ ਲਗਾਤਾਰ ਅਪਮਾਨ ਕਰਨ ਦਾ ਦੋਸ਼ ਲਾਇਆ। ਸਟਾਲਿਨ ਨੇ ਕਿਹਾ ਕਿ ਸਵਾਲ ਉਠਾਇਆ ਗਿਆ ਸੀ ਕਿ ਰਾਜਪਾਲ ਰਵੀ ਅਪਣੇ ਅਹੁਦੇ ’ਤੇ ਕਿਉਂ ਬਣੇ ਰਹੇ ਜਦੋਂ ਉਹ ਅਪਣੇ ਸੰਵਿਧਾਨਕ ਫਰਜ਼ਾਂ ਨੂੰ ਨਿਭਾਉਣ ਲਈ ਤਿਆਰ ਨਹੀਂ ਹਨ।

# ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਵੱਲੋਂ ਪੰਜਾਬ ਨੂੰ ਕੂੜਾ ਮੁਕਤ ਕਰਨ ਦੇ ਪਾਇਲਟ ਪ੍ਰੋਜੈਕਟ ਦੀ ਖੰਨਾ ਤੋਂ ਸ਼ੁਰੂਆਤ

ਚੰਡੀਗੜ੍ਹ/ਖੰਨਾ, 6 ਜਨਵਰੀ (ਪੋਸ ਬਿਊਰੋ): ਪੰਜਾਬ ਦੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ, ਪੂੰਜੀ ਨਿਵੇਸ਼ ਪ੍ਰੋਤਸਾਹਨ, ਉਦਯੋਗ ਤੇ ਕਾਮਰਸ ਕਿਰਤ, ਪ੍ਰਾਹੁਣਚਾਰੀ ਅਤੇ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਪੰਜਾਬ ਨੂੰ ਕੂੜਾ ਮੁਕਤ ਕਰਨ ਦੇ ਪਾਇਲਟ ਪ੍ਰੋਜੈਕਟ ਦੀ ਖੰਨਾ ਸ਼ਹਿਰ ਤੋਂ ਸ਼ੁਰੂਆਤ ਕੀਤੀ ਹੈ। ਖੰਨਾ ਵਿਖੇ ਉਨ੍ਹਾਂ ਅੱਜ ਡੋਰ ਟੂ ਡੋਰ ਕੁਲੈਕਸ਼ਨ ਅਤੇ ਸੇਗਰੀਗੇਸ਼ਨ ਪਲਾਂਟ ਦਾ ਉਦਘਾਟਨ ਕੀਤਾ।

ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਇਸ ਪਾਇਲਟ ਪ੍ਰੋਜੈਕਟ 'ਤੇ 4 ਕਰੋੜ ਰੁਪਏ ਦੀ ਲਾਗਤ ਆਈ ਹੈ। ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਦੀ ਸ਼ੁਰੂਆਤ ਇਕ ਸਾਲ ਲਈ ਕੀਤੀ ਜਾ ਰਹੀ ਹੈ। ਇਸ ਪਾਇਲਟ ਪ੍ਰੋਜੈਕਟ ਦੀ ਕਾਮਯਾਬੀ ਤੋਂ ਬਾਅਦ ਇਸ ਨੂੰ ਪੰਜਾਬ ਦੇ ਹੋਰਨਾਂ



ਖੇਤਰਾਂ ਵਿੱਚ ਵੀ ਸ਼ੁਰੂ ਕੀਤਾ ਜਾਵੇਗਾ।

ਹੋਰ ਜਾਣਕਾਰੀ ਦਿੰਦਿਆਂ ਸੌਂਦ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਨੂੰ ਕੂੜਾ ਮੁਕਤ ਕਰਨ ਲਈ ਯਤਨਸ਼ੀਲ ਹੈ ਅਤੇ ਇਸ ਮਕਸਦ ਦੀ ਪੂਰਤੀ ਲਈ ਪੰਜਾਬ ਦਾ ਪਹਿਲਾ ਪਾਇਲਟ ਪ੍ਰੋਜੈਕਟ ਖੰਨਾ ਸ਼ਹਿਰ ਤੋਂ ਸ਼ੁਰੂ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਖੰਨਾ ਸ਼ਹਿਰ ਦੇ ਹਰ ਵਾਰਡ ਦੇ ਹਰ ਇਕ ਘਰ ਵਿੱਚੋਂ ਗਿੱਲਾ ਅਤੇ ਸੁੱਕਾ ਕੂੜਾ ਅਲੱਗ-ਅਲੱਗ ਕਰਕੇ ਚੁੱਕਿਆ ਜਾਵੇਗਾ।

ਸੌਂਦ ਨੇ ਕਿਹਾ ਕਿ ਇਸ ਪ੍ਰੋਜੈਕਟ ਦੇ ਸ਼ੁਰੂ ਹੋਣ ਨਾਲ ਖੰਨਾ ਸ਼ਹਿਰ ਦੇ ਕਿਸੇ ਵੀ ਹੋਰ ਪੁਆਇੰਟ ‘ਤੇ ਕੂੜਾ ਨਹੀਂ ਸੁੱਟਿਆ ਜਾਵੇਗਾ, ਜਿਸ ਨਾਲ ਖੰਨਾ ਸ਼ਹਿਰ ਦੇ ਸਾਰੇ ਵਾਰਡਾਂ ਵਿੱਚੋਂ ਕੂੜਾ ਖਤਮ ਹੋ ਜਾਵੇਗਾ ਅਤੇ ਸ਼ਹਿਰ ਦੀ ਦਿੱਖ ਸੁੰਦਰ ਤੇ ਖੂਬਸੂਰਤ ਦਿਸੇਗੀ। ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਅਧੀਨ ਖੰਨਾ ਸ਼ਹਿਰ ਦੇ ਸਾਰੇ ਰਿਹਾਇਸ਼ੀ/ਵਪਾਰਕ/ਰੇਹੜੀ ਫੜ੍ਹੀ ਵਾਲਿਆਂ ਨੂੰ ਇੱਕ ਯੂਜ਼ਰ ਨੰਬਰ ਜਾਰੀ ਕਰ ਕੇ ਇੱਕ ਐਪ ਨਾਲ ਜੋੜਿਆ ਜਾਵੇਗਾ। ਕੂੜਾ ਇੱਕਠਾ ਕਰਨ ਦਾ ਬਹੁਤ ਹੀ ਘੱਟ ਬਿੱਲ ਹਰੇਕ ਯੂਜ਼ਰ ਨੂੰ ਮੈਸੇਜ ਰਾਹੀਂ ਮੋਬਾਇਲ ‘ਤੇ ਭੇਜਿਆ ਜਾਵੇਗਾ।

ਤਰੁਨਪ੍ਰੀਤ ਸਿੰਘ ਸੌਂਦ ਨੇ ਅੱਗੇ ਦੱਸਿਆ ਕਿ ਸ਼ਹਿਰ ਵਾਸੀ ਯੂਜ਼ਰ ਚਾਰਜੀਜ਼ ਨੂੰ ਆਨ ਲਾਈਨ ਅਤੇ ਆਫ ਲਾਈਨ ਦੋਹਾਂ ਤਰੀਕਿਆਂ ਨਾਲ ਅਦਾ ਕਰ ਸਕਦੇ ਹਨ।

ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਸਬੰਧੀ ਇੱਕ ਸ਼ਿਕਾਇਤ ਸੈਲ ਵੀ ਸਥਾਪਿਤ ਕੀਤਾ ਗਿਆ ਹੈ ਜਿਸ ਦਾ ਟੋਲ ਫਰੀ ਨੰਬਰ 1800-121-5721 ਹੈ। ਉਨ੍ਹਾਂ ਕਿਹਾ ਕਿ ਇਸ ਟੋਲ ਫਰੀ ਨੰਬਰ ‘ਤੇ ਕੂੜੇ ਸਬੰਧੀ ਪ੍ਰਾਪਤ ਹੋਈ ਕੋਈ ਵੀ ਸ਼ਿਕਾਇਤ ‘ਤੇ 60 ਮਿੰਟ ਵਿਚ ਕਾਰਵਾਈ ਕੀਤੀ ਜਾਵੇਗੀ।

PURBA APPRAISALS INC.

WE PROVIDE RESIDENTIAL REAL ESTATE APPRAISAL SERVICES FOR:



- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals

Gurpreet Purba
Broker, CRA
416-669-1423
www.purbahomes.com



# ਅੰਮ੍ਰਿਤਸਰ ਨਗਰ ਨਿਗਮ 'ਚ ਆਮ ਆਦਮੀ ਪਾਰਟੀ ਹੋਈ ਮਜ਼ਬੂਤ, 4 ਆਜ਼ਾਦ ਕੌਂਸਲਰ ਪਾਰਟੀ 'ਚ ਸ਼ਾਮਿਲ







ਚੰਡੀਗੜ੍ਹ, 6 ਜਨਵਰੀ (ਗਿਆਨ ਸਿੰਘ): ਅੰਮ੍ਰਿਤਸਰ ਨਗਰ ਨਿਗਮ 'ਚ ਆਮ ਆਦਮੀ ਪਾਰਟੀ (ਆਪ) ਨੂੰ ਵੱਡੀ ਮਜ਼ਬੂਤੀ ਮਿਲੀ ਹੈ। ਐਤਵਾਰ ਨੂੰ ਇੱਥੋਂ ਚਾਰ ਆਜ਼ਾਦ ਕੌਂਸਲਰ 'ਆਪ' ਵਿੱਚ ਸ਼ਾਮਲ ਹੋ ਗਏ। ਚਾਰੋਂ ਕੌਂਸਲਰ 'ਆਪ' ਦੇ ਸੀਨੀਅਰ ਆਗੂਆਂ ਦੀ ਹਾਜ਼ਰੀ ਵਿੱਚ ਪਾਰਟੀ ਵਿੱਚ ਸ਼ਾਮਲ ਹੋਏ।

ਵਾਰਡ ਨੰਬਰ 32 ਤੋਂ ਆਜ਼ਾਦ ਕੌਂਸਲਰ ਜਗਮੀਤ ਸਿੰਘ ਘੁੱਲੀ, ਵਾਰਡ ਨੰਬਰ 85 ਤੋਂ ਕੌਂਸਲਰ ਨਤਾਸ਼ਾ ਗਿੱਲ, ਵਾਰਡ ਨੰਬਰ 70 ਤੋਂ ਸਵਰਗੀ ਕਸ਼ਮੀਰੀ ਲਾਲ ਭਗਤ ਦੇ ਪੁੱਤਰ

ਕੌਂਸਲਰ ਵਿਜੇ ਕੁਮਾਰ ਭਗਤ ਅਤੇ ਵਾਰਡ ਨੰਬਰ 4 ਤੋਂ ਕੌਂਸਲਰ ਮਨਦੀਪ ਸਿੰਘ ਔਜਲਾ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।

ਪਾਰਟੀ ਦੇ ਪੰਜਾਬ ਪ੍ਰਧਾਨ ਅਮਨ ਅਰੋੜਾ ਅਤੇ ਕੈਬਨਿਟ ਮੰਤਰੀ ਕੁਲਦੀਪ ਧਾਲੀਵਾਲ ਨੇ ਪਾਰਟੀ ਦੇ ਵਰਕਿੰਗ ਪ੍ਰਧਾਨ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਵਿਧਾਇਕ ਇੰਦਰਬੀਰ ਸਿੰਘ

ਨਿੱਝਰ ਅਤੇ ਪਾਰਟੀ ਦੇ ਸੀਨੀਅਰ ਆਗੂ ਦੀਪਕ ਬਾਲੀ ਅਤੇ ਡਾ. ਸੰਨੀ ਆਹਲੂਵਾਲੀਆ ਦੀ ਹਾਜ਼ਰੀ ਵਿਚ ਸਾਰੇ ਕੌਂਸਲਰਾਂ ਨੂੰ ਰਸਮੀ ਤੌਰ 'ਤੇ ਪਾਰਟੀ ਵਿਚ ਸ਼ਾਮਲ ਕੀਤਾ ਅਤੇ
ਉਨ੍ਹਾਂ ਦਾ ਆਪ ਪਰਿਵਾਰ ਵਿੱਚ ਸਵਾਗਤ ਕੀਤਾ।

ਸਮੂਹ ਕੌਂਸਲਰਾਂ ਨੇ ਕਿਹਾ ਕਿ ਉਨ੍ਹਾਂ ਨੇ ਆਮ ਆਦਮੀ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਅਤੇ ਪੰਜਾਬ ਵਿੱਚ 'ਆਪ' ਸਰਕਾਰ ਦੇ ਕੰਮਾਂ ਤੋਂ ਪ੍ਰਭਾਵਿਤ ਹੋ ਕੇ 'ਆਪ' ਵਿੱਚ ਸ਼ਾਮਲ

ਹੋਣ ਦਾ ਫੈਸਲਾ ਕੀਤਾ ਹੈ। ਪਾਰਟੀ ਲੀਡਰਸ਼ਿਪ ਨੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਪਾਰਟੀ ਵਿੱਚ ਹਰ ਇੱਕ ਨੂੰ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ।

ਇਸ ਮੌਕੇ ਆਮ ਆਦਮੀ ਪਾਰਟੀ ਦੇ ਅੰਮ੍ਰਿਤਸਰ ਜ਼ਿਲ੍ਹਾ ਪ੍ਰਧਾਨ (ਦਿਹਾਤੀ) ਬਲਜਿੰਦਰ ਸਿੰਘ ਢਿੱਲੋਂ, ਸ਼ਹਿਰੀ ਪ੍ਰਧਾਨ ਮੁਨੀਸ਼ ਅਗਰਵਾਲ, ਕੌਂਸਲਰ ਜਤਿੰਦਰ ਸਿੰਘ ਮੋਤੀ ਭਾਟੀਆ, ਅਜੀਤ ਸਿੰਘ ਬਿੱਟੂ ਅਤੇ ਅਮੀਰ ਸਿੰਘ ਘੁੱਲੀ ਵੀ ਹਾਜ਼ਰ ਸਨ।

# ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਵੱਡੀ ਗਿਣਤੀ 'ਚ ਸੰਗਤਾਂ ਹੋਈਆਂ ਨਤਮਸਤਕ

## ਗੁਰਦੁਆਰਾ ਸ੍ਰੀ ਮੰਜੀ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਸਜਾਏ ਗਏ ਧਾਰਮਿਕ ਦੀਵਾਨ

ਅੰਮ੍ਰਿਤਸਰ, 6 ਜਨਵਰੀ (ਗਿਆਨ ਸਿੰਘ): ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸਰਬੰਸਦਾਨੀ, ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿਚ ਸੰਗਤ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਪੁੱਜ ਕੇ ਦਰਸ਼ਨ ਇਸ਼ਨਾਨ ਕਰਨ ਦੇ ਨਾਲ-ਨਾਲ ਗੁਰਬਾਣੀ ਕੀਰਤਨ ਸਰਵਣ ਕੀਤਾ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੰਗਤਾਂ ਅੰਮ੍ਰਿਤ ਵੇਲੇ ਤੋਂ ਹੀ ਪੁੱਜਣੀਆਂ ਸ਼ੁਰੂ ਹੋ ਗਈਆਂ ਸਨ ਅਤੇ ਸਾਰਾ ਦਿਨ ਸੰਗਤ ਦੀ ਆਮਦ ਨਿਰੰਤਰ ਬਣੀ ਰਹੀ। ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖਤ ਸਾਹਿਬ ਤੇ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ ਵਿਖੇ ਅਲੌਕਿਕ ਜਲੌ ਸਜਾਏ ਗਏ ਜਿਸ ਦੇ ਦਰਸ਼ਨ ਕਰਕੇ ਸੰਗਤ ਨੇ ਅਨੰਦ ਮਾਣਿਆ। ਇਸੇ ਦੌਰਾਨ ਦਸਵੇਂ ਪਾਤਸ਼ਾਹ ਜੀ ਦੇ ਪ੍ਰਕਾਸ਼ ਗੁਰਪੁਰਬ ਦੇ ਸਬੰਧ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ।

ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਹਰਪਾਲ ਸਿੰਘ ਦੇ ਜਥੇ ਨੇ ਕੀਰਤਨ ਕੀਤਾ। ਅਰਦਾਸ ਭਾਈ ਗੁਰਚਰਨ ਸਿੰਘ ਨੇ ਕੀਤੀ ਅਤੇ ਸੰਗਤਾਂ ਨੂੰ ਪਾਵਨ ਹੁਕਮਨਾਮਾ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਨੇ ਸਰਵਨ ਕਰਵਾਇਆ। ਉਨ੍ਹਾਂ ਸੰਗਤਾਂ ਨਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਇਤਿਹਾਸ ਦੀ ਸਾਂਝ ਪਾਈ ਅਤੇ ਸੰਗਤ ਨੂੰ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਨ ਦੀ ਪ੍ਰੇਰਨਾ ਦਿੱਤੀ। ਗੁਰਦੁਆਰਾ ਸ੍ਰੀ ਮੰਜੀ ਸਾਹਿਬ ਵਿਖੇ ਸਾਰਾ ਦਿਨ ਸਜੇ ਧਾਰਮਿਕ ਦੀਵਾਨ ਵਿਚ ਰਾਗੀ, ਢਾਡੀ, ਕਵੀਸ਼ਰ, ਪ੍ਰਚਾਰਕਾਂ ਤੇ ਪੰਥਕ ਕਵੀਆਂ ਨੇ ਹਾਜਰੀ ਭਰੀ ਅਤੇ ਗੁਰੂ ਸਾਹਿਬ ਜੀ ਦਾ ਜੀਵਨ ਇਤਿਹਾਸ ਸੰਗਤ ਨਾਲ ਸਾਂਝਾ ਕੀਤਾ। ਇਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਤੇ ਸ੍ਰੀ ਅਕਾਲ ਤਖ਼ਤ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਸੰਗਤਾਂ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਗੁਰੂ ਉਪਦੇਸ਼ਾਂ ਅਨੁਸਾਰ ਅੰਮ੍ਰਿਤਧਾਰੀ ਹੋਣ ਦੀ ਪ੍ਰੇਰਨਾ ਕੀਤੀ।





ਇਸ ਮੌਕੇ ਵਧੀਕ ਮੁੱਖ ਗ੍ਰੰਥੀ ਗਿਆਨੀ ਅਮਰਜੀਤ ਸਿੰਘ, ਗਿਆਨੀ ਰਾਜਬੀਰ ਸਿੰਘ, ਗਿਆਨੀ ਬਲਜੀਤ ਸਿੰਘ, ਗਿਆਨੀ ਪਰਵਿੰਦਰਪਾਲ ਸਿੰਘ, ਗਿਆਨੀ ਕੇਵਲ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਸੁਰਜੀਤ ਸਿੰਘ ਭਿੱਟੇਵਡ, ਭਾਈ ਮਨਜੀਤ ਸਿੰਘ ਭੂਰਾਕੋਹਨਾ, ਭਾਈ ਅਜਾਇਬ ਸਿੰਘ ਅਭਿਆਸੀ, ਭਾਈ ਚਰਨਜੀਤ ਸਿੰਘ ਜੱਸੋਵਾਲ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ, ਸੁਪ੍ਰਿੰਟੈਂਡੈਂਟ ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਜਗਤਾਰ ਸਿੰਘ, ਨਰਿੰਦਰ ਸਿੰਘ, ਵਧੀਕ ਮੈਨੇਜਰ ਇਕਬਾਲ ਸਿੰਘ ਮੁਖੀ, ਬਿਕਰਮਜੀਤ ਸਿੰਘ ਝੰਗੀ, ਗੁਰਿੰਦਰ ਸਿੰਘ ਦੇਵੀਦਾਸਪੁਰ, ਜੁਗਰਾਜ ਸਿੰਘ, ਗੁਰਤਿੰਦਰਪਾਲ ਸਿੰਘ, ਅਜੈ ਸਿੰਘ ਸਮੇਤ ਸੰਗਤਾਂ ਮੌਜੂਦ ਸਨ।




ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Well Settled Ramgarhia Family in Winnipeg looking for a suitable match for their son,34 years old,5-10"tall, cleanshave, Canadian Citizen. Call at 204-510-7658 for more info.

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com




## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013




**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com




## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜ਼ਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜ਼ਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664



# ਭ੍ਰਿਸ਼ਟਾਚਾਰ ਦੀ ਕਾਂਗ ਰੋਕਣ ਲਈ ਲੋਕ ਉਡੀਕਦੇ ਪਏ ਨੇ ਅੰਨਾ ਵਰਗੇ ਇੱਕ ਹੋਰ ਮਸੀਹੇ ਨੂੰ

ਜਤਿੰਦਰ ਪਨੂੰ ਦੀ ਕਲਮ ਤੋਂ



ਗੱਲ ਕੋਈ ਛੇ ਕੁ ਮਹੀਨੇ ਪਹਿਲਾਂ ਦੀ ਹੈ। ਅਸੀਂ ਇੱਕ ਵਿਆਹ ਸਮਾਗਮ ਵਿੱਚ ਸਾਂ ਅਤੇ ਪੰਜਾਬ ਦੇ ਕੁਝ ਮੰਤਰੀ ਅਤੇ ਹੋਰ ਪ੍ਰਮੁੱਖ ਵਿਅਕਤੀ ਸਾਡੇ ਨਾਲ ਵਾਲੀਆਂ ਕੁਰਸੀਆਂ ਉੱਤੇ ਬੈਠੇ ਹੋਏ ਸਨ। ਅਚਾਨਕ ਇੱਕ ਮੰਤਰੀ ਹਰਿਆਣੇ ਦਾ ਆ ਗਿਆ, ਅਸੀਂ ਸਾਰੇ ਕੁੜੀ ਵਾਲੇ ਪਰਵਾਰ ਵੱਲੋਂ ਸਾਂ ਅਤੇ ਉਹ ਦੂਸਰੇ ਪਾਸੇ ਵਾਲਿਆਂ ਦਾ ਨੇੜੂ ਸੀ। ਸਿਆਸਤ ਦੇ ਧਨੰਤਰ ਬੈਠੇ ਹੋਣ ਤਾਂ ਸਿਆਸੀ ਗੱਲਾਂ ਵੀ ਚੱਲਦੀਆਂ ਹਨ ਤੇ ਸਮਾਜ ਦੀ ਹਾਲਤ ਬਾਰੇ ਵੀ ਹਰ ਕੋਈ ਦੂਸਰਿਆਂ ਤੋਂ ਵੱਧ ਜਾਣਕਾਰੀ ਹੋਣ ਅਤੇ ਬਾਕੀ ਸਭ ਨੂੰ ਬੇਈਮਾਨ ਤੇ ਆਪਣੇ ਆਪ ਨੂੰ ਈਮਾਨਦਾਰੀ ਦਾ ਪੁਤਲਾ ਦੱਸਣ ਲੱਗ ਜਾਂਦਾ ਹੈ। ਓਥੇ ਵੀ ਇਹੋ ਕੁਝ ਚੱਲ ਪਿਆ ਅਤੇ ਫਿਰ ਕਿਉਂਕਿ ਹਰਿਆਣੇ ਵਾਲਾ ਮੰਤਰੀ ਭਾਰਤੀ ਜਨਤਾ ਪਾਰਟੀ ਦਾ ਅਤੇ ਪੰਜਾਬ ਵਾਲੇ ਮੰਤਰੀ ਆਮ ਆਦਮੀ ਪਾਰਟੀ ਦੇ ਸਨ, ਇਸ ਲਈ ਦੋਵਾਂ ਧਿਰਾਂ ਦੇ ਰਾਜ ਦੇ ਚੰਗੇ-ਮਾੜੇ ਪੱਖਾਂ ਬਾਰੇ ਉਹ ਚਰਚਾ ਚੱਲਣ ਲੱਗ ਪਈ, ਜਿਹੜੀ 'ਵਿਆਹ ਵਿੱਚ ਬੀਅ ਦਾ ਲੇਖਾ' ਛੇੜਨ ਵਾਂਗ ਜਾਪਦੀ ਸੀ। ਖਾਣਾ ਖਾਣ ਵੇਲੇ ਤੱਕ ਇਸ ਗੱਲ ਉੱਤੇ ਸਾਰਿਆਂ ਦੀ ਸਹਿਮਤੀ ਜਾਪਣ ਲੱਗ ਪਈ ਕਿ ਰਾਜ ਕਿਸੇ ਵੀ ਪਾਰਟੀ ਜਾਂ ਕਿਸੇ ਵੀ ਆਗੂ ਦਾ ਵੇਖ ਲਈਏ, ਅੱਜ ਸਮੁੱਚੇ ਭਾਰਤ ਵਿੱਚ ਭ੍ਰਿਸ਼ਟਾਚਾਰ ਤੋਂ ਕੋਈ ਨੁੱਕਰ ਬਚੀ ਨਹੀਂ ਰਹਿ ਸਕੀ। ਇੱਕ ਜਣੇ ਨੇ ਵੱਖਰੀ ਗੱਲ ਇਹ ਵੀ ਕਹਿ ਦਿੱਤੀ ਕਿ ਅੰਗਰੇਜ਼ਾਂ ਦਾ ਦਿੱਤਾ ਅਫਸਰੀ ਢਾਂਚਾ ਸੁਧਾਰ ਕਦੇ ਹੋਣ ਨਹੀਂ ਦੇਂਦਾ, ਹਰ ਨਵੀ ਸਰਕਾਰ ਦੇ ਮੰਤਰੀਆਂ ਨੂੰ ਆਪਣੀ ਚਾਟ ਉੱਤੇ ਲਾ ਲੈਂਦਾ ਅਤੇ ਸਾਰੇ ਨਫੇ-ਨੁਕਸਾਨ ਦੇ ਫਾਰਮੂਲੇ ਦੱਸਣ ਦੇ ਨਾਲ ਵਿਚੋਲਿਆਂ ਦੀ ਲਿਸਟ ਵੀ ਦੇ ਦੇਂਦਾ ਹੈ।

ਮਸਾਂ ਦੋ ਦਿਨ ਗੁਜ਼ਰੇ ਸਨ ਕਿ ਇੱਕ ਸੱਜਣ ਦਾ ਫੋਨ ਆਇਆ ਕਿ ਮਿਲਣਾ ਚਾਹੁੰਦੇ ਹਨ। ਮੈਂ ਹਾਮੀ ਭਰੀ ਤਾਂ ਉਹ ਓਸੇ ਦਿਨ ਆਣ ਪਹੁੰਚੇ ਅਤੇ ਦੱਸਿਆ ਕਿ ਉਹ ਹਾਈ ਕੋਰਟ ਦੇ ਰਿਟਾਇਰਡ ਜੱਜ ਹਨ ਅਤੇ ਜਿਸ ਵਿਆਹ ਦੌਰਾਨ ਸਾਡੀ ਉੱਪਰ ਵਾਲੀ ਗੱਲਬਾਤ ਚੱਲ ਰਹੀ ਸੀ, ਉਸ ਸਮਾਗਮ ਵਿੱਚ ਉਹ ਸਾਡੇ ਪਿੱਛੇ ਵਾਲੀਆਂ ਕੁਰਸੀਆਂ ਉੱਤੇ ਬੈਠੇ ਸਭ ਕੁਝ ਸੁਣ ਰਹੇ ਸਨ। ਉਹ ਆਏ ਵੀ ਏਸੇ ਮਸਲੇ ਬਾਰੇ ਵਿਚਾਰ ਕਰਨ ਲਈ ਸਨ ਕਿ ਸਮਾਜ ਦੀ ਨਿੱਘਰਦੀ ਹਾਲਤ ਦੇ ਸੁਧਾਰ ਲਈ ਕੁਝ ਕਰਨਾ ਚਾਹੀਦਾ ਹੈ, ਪਰ ਕੀਤਾ ਕੀ ਜਾਵੇ, ਏਥੇ ਆ ਕੇ ਉਨ੍ਹਾਂ ਦਾ ਮਨ ਨਿਰਾਸ਼ ਹੋ ਜਾਂਦਾ ਸੀ ਕਿ ਸਾਰੇ ਤਰਫੀਂ ਭ੍ਰਿਸ਼ਟਾਚਾਰ ਫੈਲਿਆ ਪਿਆ ਹੈ, ਨਾਲ ਤੁਰਨ ਵਾਲਾ ਬੰਦਾ ਕੋਈ ਨਹੀਂ ਤੇ ਜਿਹੜੇ ਲੱਭਦੇ ਹਨ, ਜਦੋਂ ਉਹ ਨਾਲ ਤੋਰ ਲਏ ਤਾਂ ਫਿਰ ਲੜਨਾ ਕਿਸ ਦੇ ਖਿਲਾਫ ਹੈ! ਯਾਨੀ ਵੱਡੇ ਚੋਰ ਇਹੋ ਜਿਹੀ ਮੁਹਿੰਮ ਦੇ ਮੋਹਰੀ ਬਣਨ ਲਈ ਸਾਰਿਆਂ ਤੋਂ ਕਾਹਲੇ ਹੁੰਦੇ ਹਨ। ਉਸ ਜੱਜ ਸਾਹਿਬ ਨੇ ਅਜੋਕੀ ਸਿਆਸਤ ਦੇ ਨਿਘਾਰ ਦੀ ਚਰਚਾ ਵਿੱਚ ਕਿਸੇ ਦਾ ਲਿਹਾਜ ਨਹੀਂ ਸੀ ਕੀਤਾ, ਨਾ ਧਾਰਮਿਕ ਪੱਖ ਵਾਲਿਆਂ ਬਾਰੇ, ਨਾ ਸਮਾਜ ਸੇਵੀ ਸੰਸਥਾਵਾਂ ਦੇ ਨਿਘਾਰ ਬਾਰੇ ਅਤੇ ਨਾ ਉਸ ਨਿਆਂ ਪ੍ਰਣਾਲੀ ਨਾਲ ਜੁੜੇ ਲੋਕਾਂ ਬਾਰੇ, ਜਿਸ ਦਾ ਉਹ ਖੁਦ ਲੰਮਾ ਸਮਾਂ ਅੰਗ ਰਹਿ ਚੁੱਕੇ ਸਨ। ਲੰਮੀ ਗੱਲਬਾਤ ਦੇ ਬਾਅਦ ਉਨ੍ਹਾਂ ਨੇ ਰਾਏ ਦਿੱਤੀ ਕਿ ਸਮਾਜ ਲਈ ਕੁਝ ਕੀਤਾ ਜਾਣਾ ਚਾਹੀਦਾ ਹੈ, ਬਹੁਤੇ ਬੇਸ਼ੱਕ ਨਾ ਸਹੀ, ਸਿਰਫ ਪੰਜ ਬੰਦੇ ਵੀ ਨਾਲ ਲੈ ਕੇ ਚੱਲ ਪਈਏ ਤਾਂ ਹੌਲੀ-ਹੌਲੀ ਕਾਫਲਾ ਬਣ ਜਾਂਦਾ ਹੈ। ਉਨ੍ਹਾਂ ਨੇ ਉਰਦੂ ਦਾ ਸ਼ੇਅਰ ਵੀ ਬੋਲਿਆ ਕਿ 'ਅਕੇਲਾ ਹੀ ਚਲਾ ਥਾ ਜ਼ਾਨਬੇ ਮੰਜ਼ਿਲ, ਲੋਗ ਮਿਲਤੇ ਗਏ, ਕਾਰਵਾਂ ਬਨਤਾ ਗਇਆ।' ਸਵਾਲ ਏਥੇ ਆ ਕੇ ਰੁਕ ਗਿਆ ਕਿ ਮੁੱਢਲੇ ਪੰਜ ਬੰਦੇ ਕਿਹੜੇ ਲੱਭੇ ਜਾਣ ਅਤੇ ਸਾਡੀ ਦੋਵਾਂ ਦੀ ਰਾਏ ਜਿਸ ਪਹਿਲੇ ਬੰਦੇ ਬਾਰੇ ਬਣ ਗਈ, ਉਸ ਨੂੰ ਮਿਲਣ ਅਤੇ ਏਦਾਂ ਦੀ ਕਿਸੇ ਕੋਸ਼ਿਸ਼ ਦਾ ਅੰਗ ਬਣਨ ਲਈ ਮਨਾਉਣ ਲਈ ਉਨ੍ਹਾਂ ਨੇ ਸਾਰੀ ਜ਼ਿੰਮੇਵਾਰੀ ਮੇਰੇ ਉੱਤੇ ਸੁੱਟ ਦਿੱਤੀ। ਉਹ ਚਿਤਵਿਆ ਗਿਆ ਬੰਦਾ ਪੰਜਾਬ ਦਾ ਚੀਫ ਸੈਕਟਰੀ ਰਹਿ ਚੁੱਕਾ ਸੀ ਅਤੇ ਆਮ ਰਾਏ ਇਹ ਸੀ ਕਿ ਸਾਰੀ ਉਮਰ ਉਹ ਦਾਗਾਂ ਤੋਂ ਬਚਿਆ ਰਿਹਾ ਹੈ।

ਤੀਹ-ਪੈਂਤੀ ਸਾਲਾਂ ਪਿੱਛੋਂ ਮੇਰਾ ਫੋਨ ਸੁਣ ਕੇ ਉਸ ਨੇ ਖੁਦ ਹੀ ਮਿਲਣ ਲਈ ਤਾਂਘ ਦਿਖਾਈ ਅਤੇ ਇੱਕ ਘੰਟੇ ਤੱਕ ਮੈਂ ਉਨ੍ਹਾਂ ਦੇ ਘਰ ਪਹੁੰਚ ਗਿਆ। ਉਸ ਨੇ ਸਾਰੀ ਕਹਾਣੀ ਸੁਣਨ ਦੇ ਬਾਅਦ ਪਹਿਲੀ ਗੱਲ ਇਹ ਕਹਿ ਦਿੱਤੀ ਕਿ ਜਦੋਂ ਸਭ ਪਾਸੇ ਅੰਨ੍ਹਾ ਖਾਤਾ ਚੱਲਦਾ ਪਿਆ ਹੈ, ਤੁਹਾਡੇ-ਸਾਡੇ ਨਾਲ ਚੱਲਣ ਵਾਲੇ ਬਹੁਤੇ ਲੋਕ ਲੱਭਣੇ ਨਹੀਂ, ਪਰ ਤੁਸੀਂ ਜਦੋਂ ਪੰਜ ਜਣੇ ਏਦਾਂ ਦੇ ਲੱਭ ਲਵੋਗੇ, ਮੈਂ ਪੂਰੀ ਤਰ੍ਹਾਂ ਤੁਹਾਡੇ ਨਾਲ ਹਾਂ, ਪੈਰ ਕਦੀ ਪਿੱਛੇ ਨਹੀਂ ਖਿੱਚਾਂਗਾ। ਹਾਈ ਕੋਰਟ ਦੇ ਸਾਬਕਾ ਜੱਜ ਸਾਹਿਬ ਵੀ ਅਤੇ ਮੈਂ ਵੀ ਪੂਰਾ ਤਾਣ ਲਾ ਕੇ ਥੱਕ ਗਏ, ਸਾਨੂੰ ਏਦਾਂ ਦੇ ਪੰਜ ਬੰਦੇ ਨਹੀਂ ਲੱਭ ਸਕੇ, ਕਿਸੇ ਦੇ ਬਾਰੇ ਜ਼ਾਹਰਾ ਨਾ ਸਹੀ, ਲੁਕਵੇਂ ਕਿੱਸੇ ਬਹੁਤ ਸੁਣਨ ਨੂੰ ਮਿਲ ਗਏ ਤੇ ਇੱਕਜਣੇ ਨੇ ਸਾਫ ਹੀ ਕਹਿ ਦਿੱਤਾ ਕਿ ਉਮਰ ਦੇ ਇਸ ਪੜਾਅ ਉੱਤੇ ਉਹ ਕਿਸੇ ਨਵੇਂ ਖਲਜਗਣ ਵਿੱਚ ਪੈ ਕੇ ਟਕੇ-ਟਕੇ ਦੇ ਬੇਈਮਾਨ ਲੋਕਾਂ ਦੀਆਂ ਲਾਈਆਂ ਝੂਠੀਆਂ ਤੁਹਮਤਾਂ ਸੁਣਨ ਅਤੇ ਅੰਦਰੇ-ਅੰਦਰ ਖਿਝਦੇ ਰਹਿਣ ਦੇ ਨਾਲ ਆਪਣੇ ਪਰਵਾਰ ਤੋਂ ਇਹ ਸੁਣਨ ਲਈ ਤਿਆਰ ਨਹੀਂ ਕਿ ਮੇਰੇ ਇਸ ਕਦਮ ਨਾਲ ਉਨ੍ਹਾਂ ਦੀ ਜ਼ਿੰਦਗੀ ਵਿੱਚ ਹਲਚਲ ਮੱਚਦੀ ਹੈ। ਫਿਰ ਵੀ ਇਹ ਪੇਸ਼ਕਸ਼ ਉਸ ਨੇ ਕਰ ਦਿੱਤੀ ਕਿ ਜਦੋਂ ਅਗਲਾ ਕਦਮ ਚੁੱਕਣ ਲੱਗੋਗੇ ਤਾਂ ਖਰਚੇ ਦੀ ਪ੍ਰਵਾਹ ਨਹੀਂ ਕਰਨੀ, ਮੇਰੇ ਪੈਸੇ ਬੱਚਿਆਂ ਨੂੰ ਨਹੀਂ ਚਾਹੀਦੇ, ਉਨ੍ਹਾਂ ਕੋਲ ਬੜਾ ਕੁਝ ਹੈ, ਮੈਂ ਆਪਣੇ ਖਾਤੇ ਦੀ ਬੱਚਤ ਕਿਸੇ ਨੇਕ ਕੰਮ ਲਈ ਖਰਚ ਕਰ ਦਿਆਂ ਤਾਂ ਬੁਰਾ ਨਹੀਂ ਮੰਨਣਗੇ। ਪੇਸ਼ਕਸ਼ ਆਪਣੀ ਥਾਂ ਸੀ, ਜਿਸ ਦੇ ਲਈ ਉਨ੍ਹਾਂ ਦਾ ਧੰਨਵਾਦ ਵੀ ਕੀਤਾ, ਪਰ ਪੰਜ ਬੰਦੇ ਏਦਾਂ ਦੇ ਜੋੜਨ ਦਾ ਕੰਮ ਫਿਰ ਰਹਿ ਗਿਆ।

ਸਿਆਸੀ ਲੋਕਾਂ ਦੇ ਅੱਖਾਂ, ਕੰਨ ਅਤੇ ਨੱਕ ਬੜੇ ਤੇਜ਼ ਹੁੰਦੇ ਹਨ, ਏਦਾਂ ਦੀਆਂ ਗੱਲਾਂ ਉਨ੍ਹਾਂ ਕੋਲ ਬੜੀ ਛੇਤੀ ਪਹੁੰਚ ਜਾਂਦੀਆਂ ਹਨ ਅਤੇ ਸਾਡੀ ਇਹ ਵਿਚਾਰ-ਮੁਹਿੰਮ ਵੀ ਪਹੁੰਚ ਗਈ। ਪੰਜਾਬ ਦੀ ਰਾਜਨੀਤੀ ਦਾ ਸਰਗਰਮ ਅਤੇ ਹਰ ਮੁੱਦੇ ਲਈ ਅੱਗੇ ਲੱਗਣ ਨੂੰ ਕਾਹਲਾ ਰਹਿਣ ਵਾਲਾ ਇੱਕ ਨੇਤਾ ਸਾਡੇ ਕੋਲ ਆ ਪੁੱਜਾ, ਪਰ ਪਹਿਲਾ ਸਵਾਲ ਉਸ ਨੇ ਇਹ ਕੀਤਾ ਕਿ ਕੀ ਗੱਲ ਪੰਜਾਬ ਦੀ ਮੌਜੂਦਾ ਸਰਕਾਰ ਤੋਂ ਏਨੀ ਛੇਤੀ ਆਸ ਲਹਿ ਗਈ! ਨਾ ਉਸ ਨੇ ਕੁਝ ਕਰਨਾ ਸੀ ਅਤੇ ਨਾ ਨਾਲ ਨਿਭਣਾ ਸੀ, ਉਹ ਸਿਰਫ ਅਗਲੇ ਕਦਮ ਸੁੰਘਣ ਆਇਆ ਸੀ ਤੇ ਮੁੜ ਗਿਆ। ਅਗਲੇ ਦਿਨੀਂ ਉਸੇ ਵਾਂਗ ਕੁਝ ਹੋਰ ਆਗੂ ਆਏ ਅਤੇ ਏਹੋ ਗੱਲਾਂ ਕਰ ਕੇ ਤੁਰ ਗਏ। ਪੰਜ ਬੰਦੇ ਨਾਲ ਜੋੜ ਸਕਣ ਦਾ ਮੁੱਦਾ ਓਥੇ ਹੀ ਖੜਾ ਰਿਹਾ।

ਸੱਚਾਈ ਕਿਸੇ ਨੂੰ ਬੁਰੀ ਲੱਗੇ ਜਾਂ ਲੱਗਦੀ ਵੀ ਹੋਵੇ ਤੇ ਜ਼ਾਹਰ ਨਾ ਕਰੇ ਤਾਂ ਹੋਰ ਗੱਲ ਹੈ, ਪਰ ਅਸਲੀਅਤ ਇਹੀ ਹੈ ਕਿ ਸਰਕਾਰ ਕੋਈ ਵੀ ਹੋਵੇ, ਅਜੋਕੇ ਮਾਹੌਲ ਵਿੱਚ ਸਾਰੇ ਭਾਰਤ ਵਿੱਚ, ਇਸ ਦੇ ਕਿਸੇ ਵੀ ਸੂਬੇ ਵਿੱਚ ਈਮਾਨਦਾਰੀ ਦੇ ਦਾਅਵੇ ਕਰੀ ਜਾਵੇ, ਈਮਾਨਦਾਰੀ ਨਾਲ ਚਲਾਉਣੀ ਸੰਭਵ ਨਹੀਂ। ਉਰਦੂ ਦਾ ਸ਼ੇਅਰ ਹੈ ਕਿ 'ਵੀਰਾਨ ਗੁਲਿਸਤਾਂ ਕਰਨੇ ਕੋ ਬੱਸ ਏਕ ਹੀ ਉੱਲੂ ਕਾਫੀ ਹੈ, ਹਰ ਸ਼ਾਖ ਪੇ ਉੱਲੂ ਬੈਠਾ ਹੈ, ਅੰਜਾਮੇ ਗੁਲਿਸਤਾਂ ਕਿਆ ਹੋਗਾ!' ਅਜੋਕੇ ਭਾਰਤ ਤੇ ਇਸ ਦੇ ਰਾਜਾਂ ਦੀਆਂ ਸਰਕਾਰਾਂ ਅਤੇ ਸਰਕਾਰੀ ਮਸ਼ੀਨਰੀ ਬਾਰੇ ਇਹ ਸ਼ੇਅਰ ਕਿੰਨਾ ਠੀਕ ਜਾਂ ਕਿੰਨਾ ਗਲਤ ਹੈ, ਇਹ ਫੈਸਲਾ ਪਾਠਕਾਂ ਉੱਤੇ ਛੱਡਿਆ ਠੀਕ ਰਹੇਗਾ, ਪਰ ਇੱਕ ਗੱਲ ਅੰਨਾ ਹਜ਼ਾਰੇ ਨੇ ਦਿੱਲੀ ਦੇ ਮੰਚ ਤੋਂ ਕਹੀ ਸੀ ਤੇ ਪੂਰਾ ਕੌੜਾ ਸੱਚ ਕਹੀ ਸੀ, ਉਸ ਦਾ ਜ਼ਿਕਰ ਕੀਤਾ ਜਾ ਸਕਦਾ ਹੈ। ਉਸ ਨੂੰ ਪੁੱਛਿਆ ਗਿਆ ਸੀ ਕਿ ਭ੍ਰਿਸ਼ਟਾਚਾਰ ਵਿਰੋਧ ਦੀ ਇਸ ਮੁਹਿੰਮ ਦੇ ਬਾਅਦ ਕੀ ਤੁਸੀਂ ਭਾਰਤ ਵਿੱਚ ਸਰਕਾਰ ਜਾਂ ਸਰਕਾਰਾਂ ਬਦਲਣ ਦਾ ਨਾਅਰਾ ਵੀ ਦਿਉਗੇ ਤਾਂ ਉਸ ਨੇ ਕਿਹਾ ਸੀ ਕਿ ਬਿਲਕੁਲ ਨਹੀਂ, ਇਸ ਦਾ ਕੋਈ ਫਾਇਦਾ ਨਹੀਂ। ਅੰਨਾ ਨੇ ਕਿਹਾ ਸੀ ਕਿ ਅਜੋਕੇਹਾਕਮ ਭ੍ਰਿਸ਼ਟਾਚਾਰ ਦੀ ਬੀ ਏ ਪਾਸ ਹੋ ਸਕਦੇ ਹਨ, ਸਰਕਾਰ ਬਦਲ ਕੇ ਇਨ੍ਹਾਂ ਦੀ ਥਾਂ ਜਿਨ੍ਹਾਂ ਨੂੰ ਲਿਆਂਦਾ, ਉਹ ਹੋਰ ਅੱਗੇ ਵਧ ਕੇ ਭ੍ਰਿਸ਼ਟਾਚਾਰ ਵਿੱਚ ਐੱਮ ਏ ਪਾਸ ਕਰਨਾ ਕਿਧਰੇ ਰਿਹਾ, ਪੀ ਐੱਚ ਡੀ ਕਰ ਚੁੱਕੇ ਵੀ ਸਾਬਤ ਹੋ ਸਕਦੇ ਹਨ। ਇਸ ਲਈ ਮੁੱਖ ਕੰਮ ਸਰਕਾਰਾਂ ਬਦਲਣ ਦਾ ਨਹੀਂ, ਉਹ ਪ੍ਰਬੰਧ ਬਦਲਣ ਦਾ ਹੈ, ਜਿਹੜਾ ਭ੍ਰਿਸ਼ਟਾਚਾਰ ਨੂੰ ਬਰਦਾਸ਼ਤ ਕਰਦਾ ਹੈ। ਏਦਾਂ ਦੇ ਬਦਲਾਅ ਕੁਝ ਦੇਸ਼ ਕਰ ਚੁੱਕੇ ਹਨ। ਅੰਨਾ ਦੀ ਗੱਲ ਬਿਲਕੁਲ ਠੀਕ ਸੀ। ਹਾਂਗ ਕਾਂਗ ਕਿਸੇ ਸਮੇਂ ਸੰਸਾਰ ਦੇ ਭ੍ਰਿਸ਼ਟਾਚਾਰੀ ਦੇਸ਼ਾਂ ਵਿੱਚੋਂ ਪਹਿਲੇ ਅੱਠਾਂ ਵਿੱਚ ਗਿਣਿਆ ਜਾਂਦਾ ਸੀ, ਓਥੇ ਜਦੋਂ ਲੋਕ ਉੱਠ ਪਏ ਤਾਂ ਭ੍ਰਿਸ਼ਟਾਚਾਰ ਕਰਨ ਵਾਲੀ ਧਾੜ ਇਹੋ ਜਿਹੀ ਖੂੰਜੇ ਲਾਈ ਕਿ ਉਹੀ ਹਾਂਗ ਕਾਂਗ ਫਿਰ ਉਸ ਦੇ ਬਾਅਦ ਸੰਸਾਰ ਦੇ ਸਿਖਰਲੇ ਅੱਠ ਈਮਾਨਦਾਰ ਦੇਸ਼ਾਂ ਵਿੱਚ ਗਿਣੇ ਜਾਣ ਦੇ ਕਾਬਲ ਹੋ ਗਿਆ ਸੀ। ਭਾਰਤ ਦੇ ਲੋਕਾਂ ਨੂੰ ਅੰਨਾ ਹਜ਼ਾਰੇ ਅੱਜ ਵੀ ਯਾਦ ਹੈ, ਉਸ ਦਾ ਸੁਨੇਹਾ ਯਾਦ ਨਹੀਂ।

ਅਸੀਂ ਲੋਕਾਂ ਨੇ ਕਾਂਗਰਸੀਆਂ ਦਾ ਭ੍ਰਿਸ਼ਟਾਚਾਰ ਵੀ ਵੇਖਿਆ ਹੋਇਆ ਸੀ, ਅਕਾਲੀ ਆਗੂਆਂ ਵੱਲੋਂ ਕੀਤੇ-ਕਰਵਾਏ ਜਾਣ ਵਾਲੇ ਕਈ ਕਾਂਡ ਵੀ ਸਾਨੂੰ ਪਤਾ ਹੁੰਦੇ ਸਨ, ਇਸ ਲਈ ਇੱਕ ਝਾਕ ਜਿਹੀ ਲੱਗੀ ਸੀ ਕਿ ਕੋਈ ਤੀਸਰੀ ਧਿਰ ਆਈ ਤਾਂ ਭ੍ਰਿਸ਼ਟਾਚਾਰ ਨੂੰ ਨੱਥ ਪੈਣ ਦੀ ਆਸ ਹੋ ਸਕਦੀ ਹੈ। ਇਹ ਆਸ ਵੀ ਸਿਰੇ ਚੜ੍ਹਨ ਵਾਲੀ ਨਹੀਂ ਨਿਕਲੀ। ਸਰਕਾਰ ਬਣੀ ਨੂੰ ਅਜੇ ਮਸਾਂ ਮਹੀਨਾ ਹੋਇਆ ਸੀ ਕਿ ਇੱਕ ਮੰਤਰੀ ਦਾ ਅਸਤੀਫਾ ਲੈ ਕੇ ਪੁਲਸ ਦੇ ਹਵਾਲੇ ਕੀਤਾ ਗਿਆ ਤੇ ਦੋਸ਼ ਇਹੋ ਦੱਸਿਆ ਗਿਆ ਕਿ ਉਹ ਆਉਂਦੇ ਸਾਰ ਹੀ ਭ੍ਰਿਸ਼ਟਾਚਾਰ ਕਰਨ ਲੱਗ ਪਿਆ ਸੀ। ਬਾਅਦ ਵਿੱਚ ਉਸ ਨੇ ਜ਼ਮਾਨਤ ਕਰਵਾ ਲਈ, ਅੱਜ ਵੀ ਉਹ ਰਾਜ ਕਰਦੀ ਪਾਰਟੀ ਦਾ ਅੰਗ ਹੈ, ਕੇਸ ਕਿਸੇ ਪਾਸੇ ਨਹੀਂ ਲੱਗਾ। ਫਿਰ ਦੋ ਹੋਰ ਮੰਤਰੀਆਂ ਦੇ ਬਾਰੇ ਇਹੋ ਗੱਲ ਸੁਣੀ ਗਈ, ਕੁਝ ਸਮਾਂ ਲਮਕਾ ਕੇ ਸਹੀ, ਅਸਤੀਫੇ ਵੀ ਲਏ ਗਏ, ਪਰ ਹੋਰ ਕਾਰਵਾਈ ਕੋਈ ਨਹੀਂ ਸੀ ਕੀਤੀ ਗਈ ਅਤੇ ਲੋਕ ਗੱਲਾਂ ਕਰਨ ਲੱਗੇ ਸਨ ਕਿ ਕਾਰਵਾਈ ਰੋਕੀ ਗਈਹੈ। ਰਾਜ ਕਰਦੀ ਪਾਰਟੀ ਦਾ ਇੱਕ ਵਿਧਾਇਕ ਨਕਦ ਪੈਸੇ ਲੈਂਦਾ ਫੜੇ ਜਾਣ ਦੀ ਗੱਲ ਸਾਹਮਣੇ ਆਈ, ਉਸ ਦਾ ਕੇਸ ਵੀ ਬਾਕੀਆਂ ਵਾਂਗ ਘੱਟੇ ਵਿੱਚ ਰੁਲ ਗਿਆ, ਕਾਰਵਾਈ ਕੋਈ ਅੱਗੇ ਨਹੀਂ ਤੁਰ ਸਕੀ। ਪਿਛਲੀ ਕਾਂਗਰਸੀ ਸਰਕਾਰ ਦੇ ਮੰਤਰੀਆਂ ਭਾਰਤ ਭੂਸ਼ਣ ਆਸ਼ੂ ਤੇ ਸੁੰਦਰ ਸ਼ਾਮ ਦੇ ਵਿਰੁੱਧ ਬੜੇ ਧੜੱਲੇ ਨਾਲ ਕੇਸ ਬਣਦੇ ਵੇਖੇ ਗਏ, ਪਰ ਜਦੋਂ ਅਦਾਲਤਾਂ ਵਿੱਚ ਗਏ ਤਾਂ ਉਹ ਕੇਸ ਟਿਕ ਨਹੀਂ ਸਕੇ। ਆਖਰ ਕੋਈ ਏਦਾਂ ਦਾ ਅੰਸ਼ ਤਾਂ ਕਿਸੇ ਫੈਸਲੇ ਪ੍ਰਭਾਵਤ ਕਰਨ ਵਾਲੇ ਪੱਧਰ ਦੀ ਕੁਰਸੀ ਉੱਤੇ ਬੈਠਾ ਹੈ, ਜਿਹੜਾ ਇਨ੍ਹਾਂ ਸਾਰਿਆਂ ਲਈ ਢਾਲ ਬਣ ਜਾਂਦਾ ਹੈ ਅਤੇ ਇਹੋ ਜਿਹੇ ਉਸ ਅੰਸ਼ ਦੀ ਚਰਚਾ ਜਦੋਂ ਆਮ ਲੋਕ ਕਰਦੇ ਪਏ ਹਨ ਤਾਂ ਕੀ ਇਹ ਰਾਜ ਕਰਨ ਵਾਲਿਆਂ ਤੱਕ ਨਹੀਂ ਪਹੁੰਚਦੀ! ਇਨ੍ਹਾਂ ਚਰਚਿਆਂ ਦਾ ਅਸਰ ਹੇਠਾਂ ਤੱਕ ਹੋਣ ਲੱਗ ਪਿਆ ਹੈ ਤੇ ਸਰਕਾਰ ਚਲਾਉਣ ਵਾਲੀ ਟੀਮ ਬੇਸ਼ੱਕ ਇਹ ਸਮਝਦੀ ਹੈ ਕਿ ਉਨ੍ਹਾਂ ਕੋਲ ਦੋ ਸਾਲ ਤੋਂ ਵੱਧ ਸਮਾਂ ਹੈ, ਉਨ੍ਹਾਂ ਦਾ ਸਮਾਂ ਮੁੱਠ ਵਿੱਚੋਂ ਰੇਤ ਕਿਰਦੀ ਵਾਂਗ ਕਿਰਦਾ ਜਾਂਦਾ ਹੈ। ਅਖੀਰਲੇ ਸਾਲ ਤਾਂ ਅਫਸਰ ਮੌਕੇ ਦੀ ਸਰਕਾਰ ਦਾ ਹੁਕਮ ਮੰਨਣਾ ਬੰਦ ਕਰ ਦੇਂਦੇ ਹੁੰਦੇ ਹਨ।

ਕੋਈ ਵਕਤ ਸੀ ਕਿ ਏਦਾਂ ਦੇ ਮਾਹੌਲ ਵਿੱਚ ਕਿਸੇ ਇਨਕਲਾਬ ਦੇ ਹਾਲਾਤ ਪੈਦਾ ਹੋਣ ਦੀ ਭਵਿੱਖਬਾਣੀ ਕੀਤੀ ਜਾ ਸਕਦੀ ਸੀ, ਦੁਨੀਆ ਵਿੱਚ ਇਨਕਲਾਬੀ ਤਾਕਤਾਂ ਦੇ ਨਿਘਾਰ ਨੇ ਉਸ ਦੀ ਚਰਚਾ ਵੀ ਬੰਦ ਕਰਵਾਈ ਪਈ ਹੈ। ਇਹ ਨਹੀਂ ਕਹਿਣਾ ਚਾਹੀਦਾ ਕਿ ਇਨਕਲਾਬ ਦੀ ਸੰਭਾਵਨਾ ਨਹੀਂ ਰਹੀ, ਜਦੋਂ ਲੋਕਾਂ ਕੋਲ ਪੇਟ ਭਰਨ ਵਾਸਤੇ ਕੋਈ ਵਸੀਲਾ ਨਹੀਂ ਰਹਿੰਦਾ ਤਾਂ ਜਾਬਰ ਤੋਂ ਜਾਬਰ ਰਾਜਾਂ ਵਿੱਚ ਵੀ ਉੱਠ ਖੜੋਂਦੇ ਵੇਖੇ ਹਨ, ਇਹ ਕੁਝ ਕਿਸੇ ਵੇਲੇ ਭਾਰਤ ਵਿੱਚ ਵੀ ਅਚਾਨਕ ਇੱਕ ਵਹਿਣ ਦੇ ਰੂਪ ਵਿੱਚ ਵੱਟ ਜਾਵੇ ਤਾਂ ਹੈਰਾਨੀ ਨਹੀਂ ਹੋਵੇਗੀ, ਪਰ ਅੱਜ ਦੀ ਘੜੀ ਏਦਾਂ ਦੇ ਹਾਲਾਤ ਨਹੀਂ। ਪੰਜਾਬ ਤੇ ਭਾਰਤ ਦੇ ਲੋਕਾਂ ਸਾਹਮਣੇ ਅੱਜ ਦੀ ਘੜੀ ਸੌ ਸਵਾਲਾਂ ਦਾ ਸਵਾਲ ਇਹੀ ਹੈ ਕਿ ਭ੍ਰਿਸ਼ਟਾਚਾਰ ਨੇ ਉਨ੍ਹਾਂ ਨੂੰ ਗੁਜ਼ਾਰਾ ਕਰਨ ਜੋਗੇ ਵੀ ਨਹੀਂ ਛੱਡਿਆ, ਇਸ ਦਾ ਕੋਈ ਨਾ ਕੋਈ ਬਾਨ੍ਹਣੂੰ ਬੰਨ੍ਹਿਆ ਜਾਣਾ ਚਾਹੀਦਾ ਹੈ। ਬਿਨਾਂ ਸ਼ੱਕ ਵਿਨੋਬਾ ਭਾਵੇ ਤੋਂ ਲੈ ਕੇ ਅੰਨਾ ਹਜ਼ਾਰੇ ਤੱਕ ਦੇ ਅੰਦੋਲਨਾਂ ਦੇ ਅੰਤਲੇ ਨਤੀਜੇ ਆਸ ਮੁਤਾਬਕ ਨਾ ਨਿਕਲਣ ਨਾਲ ਲੋਕਾਂ ਦਾ ਭਰੋਸਾ ਟੁੱਟਿਆ ਹੈ, ਇਸ ਦੇ ਬਾਵਜੂਦ ਆਮ ਲੋਕ ਅਜੇ ਤੱਕ ਇੱਕ ਹੋਰ ਏਦਾਂ ਦਾ ਅੰਦੋਲਨ ਉਡੀਕਦੇ ਹਨ। ਕੋਈ ਮਸੀਹਾ ਮੁੜ ਕੇ ਉੱਠੇਗਾ, ਜੇ ਉੱਠੇਗਾ ਤਾਂ ਕਦੋਂ ਅਤੇ ਕਿਹੋ ਜਿਹਾ ਉੱਠੇਗਾ, ਇਹ ਸਵਾਲ ਅਸੀਂ ਨਹੀਂ, ਆਮ ਲੋਕ ਪੁੱਛਦੇ ਹਨ।







## ਮੁੱਖ ਮੰਤਰੀ ਨੇ ਗੁਰਦੁਆਰਾ ਭੱਠਾ ਸਾਹਿਬ ਵਿਖੇ ਮੱਥਾ ਟੇਕਿਆ

### ਸੰਗਤਾਂ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ





ਭੱਠਾ ਸਾਹਿਬ (ਰੋਪੜ), 6 ਜਨਵਰੀ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਮੌਕੇ ਗੁਰੂ ਸਾਹਿਬ ਵੱਲੋਂ ਦਰਸਾਏ ਮਾਰਗ ਉੱਪਰ ਚੱਲਦਿਆਂ ਨਵੇਂ ਜੋਸ਼, ਲਗਨ, ਸਮਰਪਣ ਅਤੇ ਵਚਨਬੱਧਤਾ ਨਾਲ ਸੂਬੇ ਦੀ ਸੇਵਾ ਕਰਨ ਦਾ ਪ੍ਰਣ ਲਿਆ।

ਅੱਜ ਇਥੇ ਰੋਪੜ ਦੇ ਗੁਰਦੁਆਰਾ ਭੱਠਾ ਸਾਹਿਬ ਵਿਖੇ ਮੱਥਾ ਟੇਕਣ ਉਪਰੰਤ ਮੁੱਖ ਮੰਤਰੀ ਨੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੇ ਪਵਿੱਤਰ ਮੌਕੇ 'ਤੇ ਲੋਕਾਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਮਹਾਨ ਸਿੱਖ ਗੁਰੂ ਨੇ ਸਾਨੂੰ ਜਬਰ-ਜ਼ੁਲਮ ਤੇ ਬੇਇਨਸਾਫ਼ੀ ਵਿਰੁੱਧ ਲੜਨ ਦਾ ਉਪਦੇਸ਼ ਦਿੱਤਾ ਸੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਪਵਿੱਤਰ ਦਿਹਾੜੇ 'ਤੇ ਸਾਨੂੰ ਸਾਰਿਆਂ ਨੂੰ ਲੋਕਾਂ ਦੀ ਸੇਵਾ ਲਈ ਆਪਣੀ ਜ਼ੁੰਮੇਵਾਰੀ ਨੂੰ ਪੂਰੀ ਇਮਾਨਦਾਰੀ, ਲਗਨ ਅਤੇ ਤਨਦੇਹੀ ਨਾਲ ਨਿਭਾਉਣ ਦਾ ਸੰਕਲਪ ਲੈਣਾ ਚਾਹੀਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਮਹਾਨ ਜੀਵਨ ਅਤੇ ਫ਼ਲਸਫ਼ਾ ਮਾਨਵਤਾ ਨੂੰ ਇਕਜੁਟ ਹੋ ਕੇ ਰਹਿਣ ਲਈ ਪ੍ਰੇਰਿਤ ਕਰਦਾ ਹੈ। ਉਨ੍ਹਾਂ ਕਿਹਾ ਕਿ ਗੁਰੂ ਗੋਬਿੰਦ ਸਿੰਘ ਜੀ ਦਾ ਸ਼ਾਂਤੀ, ਮਾਨਵਤਾ, ਪਿਆਰ ਅਤੇ ਆਪਸੀ ਭਾਈਚਾਰੇ ਦਾ ਸੰਦੇਸ਼ ਅਜੋਕੇ ਸਮੇਂ ਵਿੱਚ ਹੋਰ ਵੀ ਪ੍ਰਸੰਗਿਕ ਹੋ ਜਾਂਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਦਰਸਾਏ ਮਾਰਗ 'ਤੇ ਚੱਲਦਿਆਂ ਸਮਾਜ ਦੇ ਹਰ ਵਰਗ ਦੀ ਭਲਾਈ ਨੂੰ ਯਕੀਨੀ ਬਣਾ ਰਹੀ ਹੈ।

ਮੁੱਖ ਮੰਤਰੀ ਨੇ ਗੁਰਦੁਆਰਾ ਸਾਹਿਬ ਵਿਖੇ ਮੱਥਾ ਟੇਕਿਆ ਅਤੇ ਸੂਬੇ ਦੀ ਸ਼ਾਂਤੀ, ਤਰੱਕੀ ਅਤੇ ਖੁਸ਼ਹਾਲੀ ਲਈ ਪ੍ਰਮਾਤਮਾ ਅੱਗੇ ਅਰਦਾਸ ਕੀਤੀ। ਉਨ੍ਹਾਂ ਇਹ ਵੀ ਅਰਦਾਸ ਕੀਤੀ ਕਿ ਸੂਬੇ ਵਿੱਚ ਫਿਰਕੂ ਸਦਭਾਵਨਾ, ਸ਼ਾਂਤੀ ਅਤੇ ਭਾਈਚਾਰਕ ਸਾਂਝ ਦੀਆਂ ਤੰਦਾਂ ਆਏ ਦਿਨ ਹੋਰ ਮਜ਼ਬੂਤ ਹੋਣ ਅਤੇ ਪੰਜਾਬ ਹਰ ਖੇਤਰ ਵਿੱਚ ਦੇਸ਼ ਦੀ ਅਗਵਾਈ ਕਰੇ। ਭਗਵੰਤ ਸਿੰਘ ਮਾਨ ਨੇ ਲੋਕਾਂ ਨੂੰ ਇਸ ਪਵਿੱਤਰ ਦਿਹਾੜੇ ਨੂੰ ਜਾਤ, ਰੰਗ, ਨਸਲ ਅਤੇ ਧਰਮ ਦੇ ਭੇਦਭਾਵ ਤੋਂ ਉੱਪਰ ਉੱਠ ਕੇ ਸ਼ਰਧਾ ਭਾਵਨਾ ਅਤੇ ਤਨਦੇਹੀ ਨਾਲ ਮਨਾਉਣ ਦਾ ਸੱਦਾ ਦਿੱਤਾ।

## ਅਫ਼ਗਾਨਿਸਤਾਨ ’ਤੇ ਹਵਾਈ ਹਮਲੇ ਕਰਨ ਲਈ ਪਾਕਿਸਤਾਨ ਦੀ ਭਾਰਤ ਨੇ ਕੀਤੀ ਨਿਖੇਧੀ



ਨਵੀਂ ਦਿੱਲੀ, 6 ਜਨਵਰੀ (ਪੋਸਟ ਬਿਊਰੋ): ਭਾਰਤ ਨੇ ਅਫ਼ਗਾਨਿਸਤਾਨ ’ਤੇ ਪਾਕਿਸਤਾਨੀ ਹਵਾਈ ਹਮਲਿਆਂ ਦੀ ਅੱਜ ਨਿੰਦੀ ਕੀਤੀ ਅਤੇ ਕਿਹਾ ਕਿ ਆਪਣੀਆਂ ਅੰਦਰੂਨੀ ਅਸਫਲਤਾਵਾਂ ਲਈ ਗੁਆਂਢੀਆਂ ਨੂੰ ਦੋਸ਼ ਦੇਣਾ ਪਾਕਿਸਤਾਨ ਦੀ ਪੁਰਾਣੀ ਆਦਤ ਹੈ।

ਪਾਕਿਸਤਾਨ ਨੇ ਅਫ਼ਗਾਨਿਸਤਾਨ ਦੇ ਕੁਝ ਇਲਾਕਿਆਂ ’ਚ ਹਵਾਈ ਹਮਲੇ ਕੀਤੇ ਹਨ। ਪਾਕਿਸਤਾਨ ਨੇ ਇਨ੍ਹਾਂਹਮਲਿਆਂ ਬਾਰੇ ਕਿਹਾ ਕਿ ਇਸ ਦਾ ਉਦੇਸ਼ ਕੁਝ ਅਤਿਵਾਦੀ ਟਿਕਾਣਿਆਂ ਨੂੰ ਨਿਸ਼ਾਨਾ ਬਣਾਉਣਾ ਸੀ।

ਵਿਦੇਸ਼ ਮੰਤਰਾਲੇ ਦੇ ਤਰਜਮਾਨ ਰਣਧੀਰ ਜੈਸਵਾਲ ਨੇ ਕਿਹਾ ਕਿ ਅਸੀਂ ਔਰਤਾਂ ਤੇ ਬੱਚਿਆਂ ਸਣੇ ਅਫ਼ਗਾਨ ਨਾਗਰਿਕਾਂ ’ਤੇ ਹਵਾਈ ਹਮਲਿਆਂ ਦੀ ਮੀਡੀਆ ਰਿਪੋਰਟ ’ਤੇ ਗੌਰ ਕੀਤਾ ਹੈ, ਜਿਸ ਵਿੱਚ ਕਈ ਲੋਕਾਂ ਦੀ ਜਾਨ ਚਲੀ ਗਈ। ਅਸੀਂ ਨਿਰਦੋਸ਼ ਨਾਗਰਿਕਾਂ ’ਤੇ ਕਿਸੇ ਵੀ ਤਰ੍ਹਾਂ ਦੇ ਹਮਲੇ ਦੀ ਸਪੱਸ਼ਟ ਤੌਰ ’ਤੇ ਨਿਖੇਧੀ ਕਰਦੇ ਹਾਂ।

ਉਨ੍ਹਾਂ ਕਿਹਾ ਕਿ ਆਪਣੀਆਂ ਅੰਦਰੂਨੀ ਅਸਫਲਤਾਵਾਂ ਲਈ ਆਪਣੇ ਗੁਆਂਢੀਆਂ ਨੂੰ ਦੋਸ਼ ਦੇਣਾ ਪਾਕਿਸਤਾਨ ਦੀ ਪੁਰਾਣੀ ਆਦਤ ਰਹੀ ਹੈ। ਅਸੀਂ ਇਸ ਸਬੰਧੀ ਇਕ ਅਫ਼ਗਾਨ ਤਰਜਮਾਨ ਦੀ ਪ੍ਰਤੀਕਿਰਿਆ ’ਤੇ ਵੀ ਗੌਰ ਕੀਤਾ ਹੈ।

# Urgently Need New Listings in Brampton/Caledon

visit: www.teamjagaujla.com



Call **JAG AUJLA**
MCNE, REAL ESTATE BROKER
DIR: 416-371-7777
j.aujla@rogers.com
www.jagaujla.com

Chairman's Club Award (2021, 2018, 2015, 2014, 2013, 2012, 2011, 2010) · Platinum Club Award (2020-2017) (2009-2018) (REMAX international) · RE/MAX Hall of Fame (2010) · Lifetime Achievement Award (2014) · Advertisement GUARANTEED Till SOLD

Follow Us:

## CALL JAG FOR A QUICK & FREE HOME EVALUATION

www BramptonTopRealtor.com   www BramptonTopAgent.com

## URGENTLY NEED NEW LISTINGS IN THIS AREA

## RECENTLY LISTED/SOLD IN YOUR NEIGHBOURHOOD BY JAG AUJLA

### NEW Listing in *MISSISSAUGA*
Winston Churchill/Collegeway/Council Ring



Approx. 2000 sq.ft. ਸੈਮੀ-ਡਿਟੈਚਡ ਹਾਊਸ, 4+2 ਬੈਡਰੂਮ, 3 ਵਾਸ਼ਰੂਮ 2 ਬੈਡਰੂਮ ਫਿਨੀਸ਼ਡ ਬੇਸਮੇਂਟ,3 ਕਾਰ ਪਾਰਕਿੰਗ। No ਕਾਰਪੇਟ। Eat-in ਕੀੱਚਨ with Granite ਕਾਊਂਟਰਟੋਪ। Family Rm with Fireplace, Stainless Steel Appliances. Spacious Living Rm & Bed Rms. Close to Hwy 403 , QEW , Hwy 407

### NEW Listing in *BRAMPTON*
James Potter/Queen/Bonnie Brae



Approx. 3000-3500 sq.ft. ਡਿਟੈਚਡ ਹਾਊਸ, 5+2 ਬੈਡਰੂਮ+Office+ 5 ਵਾਸ਼ਰੂਮ, 2 ਬੈਡਰੂਮ ਫਿਨੀਸ਼ਡ Lookout ਬੇਸਮੇਂਟ,6 ਕਾਰ ਪਾਰਕਿੰਗ। No ਕਾਰਪੇਟ। Double Door Entry, ਕੀੱਚਨ with Granite ਕਾਊਂਟਰਟੋਪ। Oak staircase, ਮਾਸਟਰ ਬੈਡਰੂਮ with 5-ਪੀਸ ਇਨਸੂਇਟ, All Bdrms connected to Wash Rms.

### Listed in *BRAMPTON*
Bovaird/Mclaughlin/Fletchers Creek



2000 sq.ft. ਸੈਮੀ-ਡਿਟੈਚਡ ਹਾਊਸ 4+1 ਬੈਡਰੂਮ + 4 ਵਾਸ਼ਰੂਮ, 1 ਬੈਡਰੂਮ ਫਿਨੀਸ਼ਡ ਬੇਸਮੇਂਟ with separate entrance. Double door entry, ਮਾਸਟਰ ਬੈਡਰੂਮ with 5-ਪੀਸ ਇਨਸੂਇਟ, Walk-in ਕਲੋਜ਼ਿਟ, Laundary on 2nd ਫਲੋਰ ਅਤੇ ਬੇਸਮੇਂਟ। Newly ਅਪਗਰੇਡੀਡ।

### NEW Listing in *BRAMPTON*
Hwy 10/Sandalwood/Braidwood



50 ਫੁੱਟ ਦਾ ਡਿਟੈਚਡ ਹਾਊਸ Approx. 2500sq.ft. 4 ਬੈਡਰੂਮ + 3 ਵਾਸ਼ਰੂਮ, $70K ਦੇ ਅਪਗਰੇਡ, ਮਾਸਟਰ ਬੈਡਰੂਮ with 4-ਪੀਸ ਇਨਸੂਇਟ ਅਤੇ Walk-in ਕਲੋਜ਼ਿਟ, No ਕਾਰਪੇਟ, 6 ਪਾਰਕਿੰਗ, Quartz ਕਾਊਂਟਰਟੋਪ, 64"Built-in Fridge, Extra furnance, Heated Garage, Sec camera, storage in backyard.

### NEW Listing in *BRAMPTON*
Chinguacousy/Williams Pkwy/Bovaird



ਡਿਟੈਚਡ ਹਾਊਸ Approx. 2000sq.ft., 4+1 ਬੈਡਰੂਮ +4 ਵਾਸ਼ਰੂਮ, ਫਿਨੀਸ਼ਡ ਬੇਸਮੇਂਟ with 1 ਬੈਡ+Rec Rm+4pc ਵਾਸ਼ਰੂਮ, ਡਬਲ-ਡੋਰ entrance, ਮਾਸਟਰ ਬੈਡਰੂਮ with 5-ਪੀਸ ਇਨਸੂਇਟ ਅਤੇ Walk-in ਕਲੋਜ਼ਿਟ, Electric Fireplace, Extended concreted ਡਰਾਈਵੇਅ, storage in backyard, pond & more.

### Listed in *MISSISSAUGA*
Burnhamthorpe/Confederation



900-999 sq.ft. ਲੇਕ ਵੀਊ, 2 ਬੈਡਰੂਮ + 1 ਵਾਸ਼ਰੂਮ ਵੱਡੀਆਂ ਕੀੱਚਨ ਕੈਬਨਿਟ, ਨਵਾਂ ਪੇਂਟ, ਨਵੇਂ ਲੈਮੀਨੇਟ ਫਲੋਰ, Huge ਬਾਲਕੋਨੀ, 2 ਪਾਰਕਿੰਗ (ਲਿਫਟ ਦੇ ਬਿਲਕੁਲ ਨੇੜੇ), ਸਾਰੀਆਂ ਸਹੂਲਤਾਂ ਦੇ ਕੋਲ- Square One, Celebration Square, Grand Park Plaza, Sheridan College, YMCA & much more.

## FREE

- Full MLS Services
- Consistently Marketing Your Property Until SOLD
- Competitive Rates, Exceptional Service & Award Winning Results
- Staging Consultation
- Billboard, Flyer, Newspaper
- Online Promotion
- Professional Pictures and Virtual Tour
- Social media & Radio Advertisement
- Open House Until Sold

RE/MAX Realty Specialists Inc. Brokerage (Independently Owned and Operated)
Off: 905-456-3232
*(Based on units sold & commissions)** *Some Conditions Apply.
*Seller* & Jag Aujla Broker of Re/max Realty Specialist Inc. must agree on the terms & conditions, closing date and listing price at the time of listing. Guaranteed Program only for Peel Region Homes Under $1 Million Price

Call JAG AUJLA DIR: 416-371-7777
MCNE, REAL ESTATE BROKER
NOT INTENDED TO SOLICIT BUYERS OR SELLER CURRENTLY UNDER CONTRACT
SEPTEMBER 2022